SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 180** | **Wednesday, 02 October 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਓਂਟਾਰੀਓ ਦੇ ਇੱਕ ਮਕਾਨ ਵਿੱਚ ਦੋ ਔਰਤਾਂ ਮ੍ਰਿਤਕ ਮਿਲੀਆਂ, ਇੱਕ ਗ੍ਰਿਫਤਾਰ




ਟੋਰਾਂਟੋ, 1 ਅਕਤੂਬਰ (ਪੋਸਟ ਬਿਊਰੋ): ਕੋਰਟਿਸ, ਓਂਟਾਰੀਓ ਦੇ ਇੱਕ ਘਰ ਵਿੱਚ ਮੰਗਲਵਾਰ ਦੁਪਹਿਰ ਦੋ ਔਰਤਾਂ ਦੀਆਂ ਲਾਸ਼ਾਂ ਮਿਲੀਆਂ। ਇਸੱ ਮਾਮਲੇ 'ਚ ਇੱਕ 33 ਸਾਲਾ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਦਰਹਮ ਰੀਜਨ ਪੁਲਿਸ ਸਰਵਿਸ (DRPS) ਨੇ ਕਿਹਾ ਕਿ ਉਨ੍ਹਾਂ ਨੂੰ ਦੁਪਹਿਰ 1:10 ਵਜੇ ਦੇ ਆਸਪਾਸ ਇੱਕ ਕਾਲ ਆਈ ਜਿਸ ਵਿੱਚ ਅਧਿਕਾਰੀਆਂ ਨੂੰ ਕੋਰਟਿਸ ਅਤੇ ਨੈਸ਼ ਰੋਡ ਕੋਲ ਮੌਲਟਨ ਕੋਰਟ ਵਿੱਚ ਇੱਕ ਘਰ ਵਿੱਚ ਰਹਿਣ ਵਾਲਿਆਂ ਦੀ ਸਿਹਤ ਜਾਂਚ ਕਰਨ ਲਈ ਕਿਹਾ ਗਿਆ।

ਜਦੋਂ ਉਹ ਪਹੁੰਚੇ ਤਾਂ ਅਧਿਕਾਰੀਆਂ ਨੇ ਦੋ ਮ੍ਰਿਤਕ ਔਰਤਾਂ ਨੂੰ ਦੇਖਿਆ। ਪੁਲਿਸ ਨੇ ਕਿਹਾ ਕਿ ਉਨ੍ਹਾਂ ਦੀ ਮੌਤ ਦਾ ਕਾਰਨ ਪਤਾ ਨਹੀਂ ਲੱਗਾ ਅਤੇ ਹੋਮੋਸਾਈਡ ਯੂਨਿਟ ਹੁਣ ਜਾਂਚ ਕਰ ਰਹੀ ਹੈ।

ਸਾਰਜੇਂਟ ਜੋਆਨ ਬੋਰਟੋਲਸ ਨੇ ਘਟਨਾ ਸਥਾਨ 'ਤੇ ਦੱਸਿਆ ਕਿ ਉਸ ਸਮੇਂ ਘਰ ਵਿੱਚ ਇੱਕ ਛੋਟਾ ਬੱਚਾ ਸੀ ਅਤੇ ਉਸਨੂੰ ਕੋਈ ਸੱਟ ਨਹੀਂ ਲੱਗੀ। ਪੁਲਿਸ ਨੇ ਬਾਅਦ ਵਿੱਚ ਘਟਨਾ ਸਥਲ 'ਤੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ। ਇਸ ਸਮੇਂ ਚਾਰਜਿਜ਼ ਬਾਰੇ ਕੋਈ ਜਾਣਕਾਰੀ ਨਹੀਂ ਹੈ।

ਬੋਰਟੋਲਸ ਨੇ ਕਿਹਾ ਕਿ ਔਰਤਾਂ ਦੀ ਪਹਿਚਾਣ ਜਾਰੀ ਨਹੀਂ ਕੀਤੀ ਗਈ ਹੈ। ਇਸ ਵਿੱਚ ਸ਼ਾਮਿਲ ਪੱਖ ਇੱਕ-ਦੂਜੇ ਨੂੰ ਜਾਣਦੇ ਸਨ। ਇਸਤੋਂ ਇਲਾਵਾ ਉਨ੍ਹਾਂ ਦੇ ਵਿੱਚ ਸੰਬੰਧ ਦੀ ਜਾਂਚ ਚੱਲ ਰਹੀ ਜੋ ਜਾਂਚ ਦਾ ਹਿੱਸਾ ਹੋਵੇਗੀ।

## ਕੈਲਗਰੀ ਵਿੱਚ ਗੈਸ ਵੈੱਲ ਵਿੱਚ ਲੱਗੀ ਅੱਗ, ਪੰਜ ਲੋਕ ਹਸਪਤਾਲ ਵਿੱਚ ਦਾਖਲ



ਕੈਲਗਰੀ, 1 ਅਕਤੂਬਰ (ਪੋਸਟ ਬਿਊਰੋ): ਸੋਮਵਾਰ ਦੁਪਹਿਰ ਕੈਲਗਰੀ ਦੇ ਉੱਤਰ-ਪੱਛਮ ਵਿੱਚ ਗੈਸ ਵੈੱਲ ਵਿੱਚ ਲੱਗੀ ਅੱਗ ਤੋਂ ਬਾਅਦ ਪੰਜ ਲੋਕਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਅੱਗ ਬਿਗ ਹਿੱਲ ਸਪ੍ਰਿੰਗਜ਼ ਰੋਡ ਅਤੇ ਰੇਂਜ ਰੋਡ 40 ਦੇ ਇਲਾਕੇ ਵਿੱਚ ਦੁਪਹਿਰ 2 ਵਜੇ ਦੇ ਬਾਅਦ ਲੱਗੀ।

ਏਐੱਚਐੱਸ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਈਐੱਮਐੱਸ ਨੇ ਪੰਜ ਮਰੀਜ਼ਾਂ ਨੂੰ ਹਸਪਤਾਲ ਪਹੁੰਚਾਇਆ, ਜਿਨ੍ਹਾਂ ਵਿਚੋਂ ਤਿੰਨ ਦੀ ਹਾਲਤ ਗੰਭੀਰ ਸੀ।

ਰੌਕੀ ਵਿਊ ਕਾਊਂਟੀ ਵੱਲੋਂ ਆਨਲਾਈਨ ਪੋਸਟ ਕੀਤੇ ਗਏ ਇੱਕ ਬਿਆਨ ਅਨੁਸਾਰ, ਆਰਲੇਨ ਅਪਸਟਰੀਮ ਕੈਨੇਡਾ ਗੈਸ ਵੈੱਲ ਦਾ ਮਾਲਿਕ ਹੈ ਅਤੇ ਅੱਗ 'ਤੇ ਕਾਬੂ ਪਾ ਰਿਹਾ ਹੈ। ਰੌਕੀ ਵਿਊ ਕਾਊਂਟੀ ਦੇ ਫਾਇਰ ਦਲ ਸਟੈਂਡਬਾਏ 'ਤੇ ਹਨ।

ਬਿਆਨ ਵਿੱਚ ਅੱਗੇ ਕਿਹਾ ਗਿਆ ਹੈ ਕਿ ਇਸ ਸਮੇਂ ਖੇਤਰ ਦੇ ਨਿਵਾਸੀਆਂ ਲਈ ਕੋਈ ਖ਼ਤਰਾ ਨਹੀਂ ਹੈ। ਜ਼ਿਆਦਾ ਜਾਣਕਾਰੀ ਉਪਲੱਬਧ ਹੋਣ 'ਤੇ ਕਾਊਂਟੀ ਦੀ ਵੈੱਬਸਾਈਟ 'ਤੇ ਪੋਸਟ ਕੀਤੀ ਜਾਵੇਗੀ।

## ਥਾਈਲੈਂਡ 'ਚ ਸਕੂਲ ਬੱਸ ਨੂੰ ਲੱਗੀ ਅੱਗ, 25 ਵਿਦਿਆਰਥੀਆਂ ਦੀ ਮੌਤ




ਬੈਂਕਾਕ, 1 ਅਕਤੂਬਰ (ਪੋਸਟ ਬਿਊਰੋ): ਥਾਈਲੈਂਡ ਵਿੱਚ ਇੱਕ ਸਕੂਲ ਬੱਸ ਵਿੱਚ ਅੱਗ ਲੱਗਣ ਕਾਰਨ 25 ਵਿਦਿਆਰਥੀਆਂ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਬੱਸ ਵਿੱਚ 44 ਲੋਕ ਸਵਾਰ ਸਨ, ਜਿਨ੍ਹਾਂ ਵਿੱਚੋਂ 16 ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਬਚਾਅ ਕਰਮਚਾਰੀਆਂ ਵੱਲੋਂ ਬਚਾਅ ਕਾਰਜ ਜਾਰੀ ਸੀ। ਅੱਗ ਲੱਗਣ ਦਾ ਕਾਰਨ ਹਾਲੇ ਤੱਕ ਸਾਹਮਣੇ ਨਹੀਂ ਆਇਆ ਹੈ।

ਹਾਲਾਂਕਿ ਮੌਕੇ 'ਤੇ ਮੌਜੂਦ ਚਸ਼ਮਦੀਦਾਂ ਦਾ ਕਹਿਣਾ ਹੈ ਕਿ ਬੱਸ ਦਾ ਟਾਇਰ ਫਟਣ ਕਾਰਨ ਅੱਗ ਲੱਗੀ ਹੈ।ਜਾਣਕਾਰੀ ਮੁਤਾਬਕ ਇਹ ਹਾਦਸਾ ਬੈਂਕਾਕ ਦੇ ਖੂ ਖੋਟ ਇਲਾਕੇ 'ਚ ਮੰਗਲਵਾਰ ਦੁਪਹਿਰ ਕਰੀਬ 12:30 ਵਜੇ ਵਾਪਰਿਆ। ਬੱਸ ਸਕੂਲ ਟ੍ਰਿਪ ਤੋਂ ਵਾਪਿਸ ਆ ਰਹੀ ਸੀ। ਬੱਸ ਵਿੱਚ 3 ਤੋਂ 15 ਸਾਲ ਤੱਕ ਦੇ ਬੱਚੇ ਸਵਾਰ ਸਨ। ਇਸ ਤੋਂ ਇਲਾਵਾ ਉਨ੍ਹਾਂ ਨਾਲ 5 ਅਧਿਆਪਕ ਵੀ ਸਵਾਰ ਸਨ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients


MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends
Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address:
2130 North Park Dr.
Suite 246 Brampton, ON L6S 0C9
T: 905 799 9333
www.mannlawfirm.ca

Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਇਸਰਈਲੀ ਫੌਜ ਨੇ ਨਵੀਂ ਆ ਹੱਦ ਟੱਪੀ,
ਵਿੱਚ ਲਿਬਨਾਨ ਦੇ ਸਿੱਧੀ ਆਵੜੀ ਬੇਲੀ।
ਆਕਾਸ਼ ਤੋਂ ਸੁੱਟਦੇ ਬੰਬ ਜਹਾਜ਼ ਉਸ ਦੇ,
ਮਨੁੱਖਤਾ ਔਕੜ ਨੂੰ ਬੜੀ ਹੈ ਫੜੀ ਬੇਲੀ।
ਨੇਤਾਨਯਾਹੂ ਨਹੀਂ ਕਦੇ ਵੀ ਸ਼ਰਮ ਕਰਦਾ,
ਅਮਰੀਕੀ ਧਿਰ ਜੁ ਮਗਰ ਆ ਖੜੀ ਬੇਲੀ।
ਬਾਕੀ ਦੁਨੀਆ ਜੋ ਦੇਖ ਰਹੀ ਚੁੱਪ ਕਰ ਕੇ,
ਅਸਲ ਤਾਂ ਉਨ੍ਹਾਂ ਦੀ ਸੋਚ ਦੀ ਘੜੀ ਬੇਲੀ।
ਅੰਨ੍ਹੇਵਾਹ ਜਦ ਪਾਉਂਦਾ ਪਿਆ ਕੋਈ ਖੌਰੂ,
ਜੇ ਕਰ ਉਹਨੂੰ ਸੰਸਾਰ ਨਹੀਂ ਰੋਕ ਸਕਦਾ।
ਕਾਹਦੀ ਸੱਭਿਅਤਾ, ਨੇਮ-ਕਾਨੂੰਨ ਕਿਹੜਾ,
ਦਾਅਵੇ ਏਦਾਂ ਦੇ ਕੋਈ ਨਹੀਂ ਠੋਕ ਸਕਦਾ।

**ਤੀਸ ਮਾਰ ਖਾਂ**

# ਕੈਲਗਰੀ ਦੇ ਘਰ ’ਚ 2 ਲੋਕ ਮ੍ਰਿਤਕ ਮਿਲੇ, ਜਾਂਚ ਜਾਰੀ



ਕੈਲਗਰੀ, 1 ਅਕਤੂਬਰ (ਪੋਸਟ ਬਿਊਰੋ): ਕੈਲਗਰੀ ਪੁਲਿਸ ਦੀ ਹੋਮੋਸਾਈਡ ਯੂਨਿਟ ਪੇਨਬਰੁਕ ਮੀਡੋਜ਼ ਕਮਿਊਨਿਟੀ ਵਿੱਚ ਇੱਕ ਘਰ ਵਿੱਚ ਦੋ ਲੋਕ ਮ੍ਰਿਤਕ ਮਿਲਣ ਤੋਂ ਬਾਅਦ ਜਾਂਚ ਕਰ ਰਹੀ ਹੈ।

ਪੁਲਿਸ ਨੇ ਐਤਵਾਰ ਸਵੇਰੇ 11:30 ਵਜੇ ਪੇਂਸਵੁਡ ਵੇਅ ਐੱਸ.ਈ. ਦੇ 300 ਬਲਾਕ ਵਿੱਚ ਗੜਬੜੀ ਦੀ ਰਿਪੋਰਟ ਲਈ ਕਾਰਵਾਈ ਕੀਤੀ।

ਜਦੋਂ ਅਧਿਕਾਰੀ ਪਹੁੰਚੇ ਤਾਂ ਉਨ੍ਹਾਂ ਨੂੰ ਦੋ ਲੋਕ ਮ੍ਰਿਤਕ ਹਾਲਤ ਵਿਚ ਮਿਲੇ। ਪੁਲਿਸ ਨੇ ਮੌਤਾਂ ਨੂੰ ਸ਼ੱਕੀ ਦੱਸਿਆ। ਹਾਲਾਂਕਿ ਇਹ ਜਾਂਚ ਦਾ ਸ਼ੁਰੂਆਤੀ ਪੜਾਅ ਹੈ, ਇਸ ਲਈ ਪੁਲਿਸ ਦਾ ਕਹਿਣਾ ਹੈ ਕਿ ਇਸ ਸਮੇਂ ਕੋਈ ਹੋਰ ਜਾਣਕਾਰੀ ਉਪਲੱਬਧ ਨਹੀਂ ਹੈ।

ਇਸ ਘਟਨਾ ਬਾਰੇ ਜਾਣਕਾਰੀ ਰੱਖਣ ਵਾਲਾ ਕੋਈ ਵਿਅਕਤੀ 403-266-1234 ’ਤੇ ਪੁਲਿਸ ਨਾਲ ਸੰਪਰਕ ਕਰ ਸਕਦਾ ਹੈ। ਉਸਦੀ ਜਾਣਕਾਰੀ ਗੁਪਤ ਰੱਖੀ ਜਾਵੇਗੀ।

# ਕੈਲਗਰੀ ਪੁਲਿਸ ਨੇ ਦੋ ਹਫ਼ਤੇ ਤੋਂ ਲਾਪਤਾ 14 ਸਾਲਾ ਲੜਕੀ ਨੂੰ ਲੱਭਣ ਲਈ ਲੋਕਾਂ ਦੀ ਮੰਗੀ ਮਦਦ



ਕੈਲਗਰੀ, 1 ਅਕਤੂਬਰ (ਪੋਸਟ ਬਿਊਰੋ): 14 ਸਾਲਾ ਇੱਕ ਲੜਕੀ ਦੋ ਹਫ਼ਤੇ ਤੋਂ ਮਾਰਲਬੋਰੋ ਤੋਂ ਲਾਪਤਾ ਹੈ ਅਤੇ ਪੁਲਿਸ ਨੇ ਲੋਕਾਂ ਤੋਂ ਉਸਨੂੰ ਲੱਭਣ ਵਿੱਚ ਮਦਦ ਮੰਗੀ ਹੈ।

ਪੁਲਿਸ ਵੱਲੋਂ ਪਹਿਚਾਣੀ ਗਈ ਲੜਕੀ ਈਲਿਅਟ ਦੇ ਰੂਪ ਵਿੱਚ ਕੀਤੀ ਗਈ ਹੈ, ਜਿਸਨੂੰ ਆਖਰੀ ਵਾਰ 16 ਸਤੰਬਰ ਨੂੰ ਦੁਪਹਿਰ 3:30 ਵਜੇ ਦੇ ਆਸਪਾਸ ਉੱਤਰ-ਪੂਰਵ ਕੈਲਗਰੀ ਕਮਿਊਨਿਟੀ ਵਿੱਚ ਵੇਖਿਆ ਗਿਆ ਸੀ। ਪੁਲਿਸ ਅਨੁਸਾਰ ਕਿਸੇ ਗੜਬੜੀ ਦਾ ਕੋਈ ਸੰਕੇਤ ਨਹੀਂ ਹੈ ਪਰ ਈਲਿਅਟ ਦੀ ਭਲਾਈ ਲਈ ਚਿੰਤਾ ਹੈ।

ਪੁਲਿਸ ਨੇ ਇਲਿਅਟ ਨੂੰ ਲਗਭਗ 5 ਫੁੱਟ 6 ਇੰਚ ਲੰਬਾ ਅਤੇ 158 ਪਾਊਂਡ ਭਾਰ, ਨੀਲੀਆਂ ਅੱਖਾਂ ਅਤੇ ਨੀਲੇ ਹਾਈਲਾਈਟ ਵਾਲੇ ਕਾਲੇ ਵਾਲਾਂ ਵਾਲੀ ਦੱਸਿਆ ਹੈ। ਪੁਲਿਸ ਨੇ ਕਿਹਾ ਹੈ ਕਿ ਜੇ ਕਿਸੇ ਨੂੰ ਜਾਣਕਾਰੀ ਮਿਲਦੀ ਹੈ ਤਾਂ 403-266-1234 ’ਤੇ ਜਾਂ ਕ੍ਰਾਈਮ ਸਟਾਪਰਜ਼ ਨੂੰ 1-800-222-8477 ’ਤੇ ਸੰਪਰਕ ਕਰ ਸਕਦਾ ਹੈ।


# ਸਕੂਲ ਵਿੱਚ ਹੋਏ ਕਤਲ ਦੇ ਮਾਮਲੇ ਵਿੱਚ ਸੈਕੇਂਡ ਡਿਗਰੀ ਕਤਲ ਦੇ ਮੁਲਜ਼ਮ ਨੇ ਦੋਸ਼ ਕਬੂਲੇ



ਐਡਮਿੰਟਨ, 1 ਅਕਤੂਬਰ (ਪੋਸਟ ਬਿਊਰੋ): ਐਡਮਿੰਟਨ ਹਾਈ ਸਕੂਲ ਦੇ ਬਾਹਰ ਇੱਕ ਟੀਨੇਜ਼ਰ ਦਾ ਚਾਕੂ ਮਾਰ ਕੇ ਕਤਲ ਕਰਨ ਦੇ ਮਾਮਲੇ ਵਿੱਚ ਸੈਕੇਂਡ ਡਿਗਰੀ ਕਤਲ ਦੇ ਮੁਲਜ਼ਮ ਇੱਕ ਨੌਜਵਾਨ ਨੇ ਕਤਲ ਦੇ ਦੋਸ਼ ਸਵੀਕਾਰ ਕੀਤੇ ਹਨ।

ਟੀਨੇਜ਼ਰ ਦੀ ਯੁਵਾ ਆਪਰਾਧਿਕ ਨਿਆਂ ਐਕਟ ਤਹਿਤ ਪਹਿਚਾਣ ਨਹੀਂ ਦੱਸੀ ਜਾ ਸਕਦੀ। ਉਹ ਅਪ੍ਰੈਲ 2022 ਵਿੱਚ 16 ਸਾਲਾ ਵਿਦਿਆਰਥੀ ਦੀ ਮੌਤ ਦੇ ਮਾਮਲੇ ਵਿੱਚ ਦੋਸ਼ੀ ਕਈ ਲੋਕਾਂ ਵਿੱਚੋਂ ਇੱਕ ਸੀ। ਉਹ ਟੀਨੇਜ਼ਰ ਦੀ ਮੌਤ ਦੇ ਮਾਮਲੇ ਵਿੱਚ ਕਤਲ ਦਾ ਮੁਲਜ਼ਮ। ਉਸਨੂੰ ਸਜ਼ਾ ਸੁਣਾਉਣ ਦੀ ਤਾਰੀਖ 6 ਨਵੰਬਰ ਤੈਅ ਕੀਤੀ ਗਈ ਹੈ। ਬਾਕੀ ਦੋ ਟੀਨੇਜ਼ਰਜ਼ ਲਈ ਸੁਣਵਾਈ 18 ਨਵੰਬਰ ਨੂੰ ਨਿਰਧਾਰਤ ਕੀਤੀ ਗਈ ਹੈ। ਚੌਥੇ ਟੀਨੇਜ਼ਰ ਲਈ ਸੁਣਵਾਈ ਅਗਲੇ ਮਾਰਚ ਵਿੱਚ ਫਿਰ ਤੋਂ ਸ਼ੁਰੂ ਹੋਵੇਗੀ ।

# ਰਜਨੀਕਾਂਤ ਚੇਨੱਈ ਦੇ ਅਪੋਲੋ ਹਸਪਤਾਲ ਵਿੱਚ ਦਾਖਲ, ਪੇਟ ਦਰਦ ਦੀ ਸ਼ਿਕਾਇਤ



ਚੇਨੱਈ, 1 ਅਕਤੂਬਰ (ਪੋਸਟ ਬਿਊਰੋ): ਸੁਪਰਸਟਾਰ ਰਜਨੀਕਾਂਤ ਨੂੰ 30 ਸਤੰਬਰ ਦੀ ਦੇਰ ਰਾਤ ਚੇਨੱਈ ਦੇ ਅਪੋਲੋ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਉਨ੍ਹਾਂ ਨੂੰ ਪੇਟ ਦਰਦ ਦੀ ਸ਼ਿਕਾਇਤ ਦੱਸੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਰਜਨੀਕਾਂਤ ਦੀ ਅੱਜ ਦਿਲ ਦੀ ਸਰਜਰੀ ਹੋਵੇਗੀ। ਫਿਲਹਾਲ ਉਨ੍ਹਾਂ ਦੀ ਹਾਲਤ ਸਥਿਰ ਹੈ।

ਰਜਨੀਕਾਂਤ ਦੀ ਸਿਹਤ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੀ ਪਤਨੀ ਲਤਾ ਨੇ ਦੱਸਿਆ ਕਿ ਸਭ ਕੁਝ ਠੀਕ ਹੈ। ਰਜਨੀਕਾਂਤ ਦੀ ਸਿਹਤ ਪਿਛਲੇ ਕਈ ਸਾਲਾਂ ਵਿੱਚ ਕਈ ਵਾਰ ਵਿਗੜ ਚੁੱਕੀ ਹੈ। ਰਜਨੀਕਾਂਤ ਦਾ 2016 ਵਿੱਚ ਅਮਰੀਕਾ ਵਿੱਚ ਕਿਡਨੀ ਟਰਾਂਸਪਲਾਂਟ ਵੀ ਹੋਇਆ ਸੀ।

# ਆਪਣੇ ਹੀ ਰਿਵਾਲਵਰ ਨਾਲ ਬਾਲੀਵੁੱਡ ਅਦਾਕਾਰ ਗੋਵਿੰਦਾ ਦੇ ਪੈਰ ’ਚ ਲੱਗੀ ਗੋਲੀ



ਮੁੰਬਈ, 1 ਅਕਤੂਬਰ (ਪੋਸਟ ਬਿਊਰੋ): ਬਾਲੀਵੁੱਡ ਅਦਾਕਾਰ ਗੋਵਿੰਦਾ (60) ਦੇ ਪੈਰ ਵਿਚ ਗੋਲੀ ਲੱਗਣ ਨਾਲ ਉਹ ਜ਼ਖਮੀ ਹੋ ਗਏ ਹਨ। ਉਨ੍ਹਾਂ ਨੂੰ ਆਪਣੀ ਹੀ ਪਿਸਤੌਲ ਨਾਲ ਗੋਲੀ ਲੱਗ ਗਈ ਸੀ। ਘਟਨਾ ਮੰਗਲਵਾਰ ਸਵੇਰੇ 4:45 ਵਜੇ ਦੇ ਕਰੀਬ ਵਾਪਰੀ। ਓਪਰੇਸ਼ਨ ਤੋਂ ਬਾਅਦ ਉਨ੍ਹਾਂ ਦੇ ਪੈਰ ’ਚੋਂ ਗੋਲੀ ਕੱਢ ਦਿੱਤੀ ਗਈ ਹੈ। ਅਦਾਕਾਰ ਫਿਲਹਾਲ ਖਤਰੇ ਤੋਂ ਬਾਹਰ ਹਨ।

ਜਾਣਕਾਰੀ ਅਨੁਸਾਰ ਜਦੋਂ ਘਟਨਾ ਵਾਪਰੀ ਤਾਂ ਗੋਵਿੰਦਾ ਘਰ ਵਿੱਚ ਇਕੱਲੇ ਸਨ। ਉਨ੍ਹਾਂ ਕੋਲ ਲਾਈਸੈਂਸੀ ਰਿਵਾਲਵਰ ਹੈ। ਰਿਵਾਲਵਰ ਵਿਚੋਂ ਗਲਤੀ ਨਾਲ ਗੋਲੀ ਚੱਲੀ, ਜੋ ਉਨ੍ਹਾਂ ਦੇ ਪੈਰ 'ਚ ਲੱਗੀ। ਇਸ ਮਾਮਲੇ ਸਬੰਧੀ ਕੋਈ ਸ਼ਿਕਾਇਤ ਦਰਜ ਨਹੀਂ ਕਰਵਾਈ ਗਈ ਹੈ। ਮੁੰਬਈ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਉਨ੍ਹਾਂ ਦਾ ਰਿਵਾਲਵਰ ਜ਼ਬਤ ਕਰ ਲਿਆ।

ਜਾਣਕਾਰੀ ਮੁਤਾਬਕ ਗੋਲੀ ਲੱਗਣ ਕਾਰਨ ਕਾਫੀ ਖ਼ੂਨ ਵਹਿ ਰਿਹਾ ਸੀ। ਉਨ੍ਹਾਂ ਨੂੰ ਇਲਾਜ ਲਈ ਅੰਧੇਰੀ ਦੇ ਕ੍ਰਿਤੀ ਕੇਅਰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਜਾਣਕਾਰੀ ਮੁਤਾਬਕ ਸ਼ੁਰੂਆਤੀ ਇਲਾਜ ਤੋਂ ਬਾਅਦ ਗੋਵਿੰਦਾ ਹੁਣ ਖਤਰੇ ਤੋਂ ਬਾਹਰ ਹਨ।

# ਇਜ਼ਰਾਈਲ ਦੀ ਫੌਜ ਲੇਬਨਾਨ ਵਿੱਚ ਹੋਈ ਦਾਖਲ, ਜ਼ਮੀਨੀ ਕਾਰਵਾਈ ਸੁਰੂ, ਹਿਜ਼ਬੁੱਲਾ ਦੇ ਟਿਕਾਣਿਆਂ ’ਤੇ ਹਮਲਾ



ਯਰੂਸ਼ਲਮ, 1 ਅਕਤੂਬਰ (ਪੋਸਟ ਬਿਊਰੋ): ਇਜ਼ਰਾਈਲੀ ਫ਼ੌਜ ਲੈਬਨਾਨ ਵਿੱਚ ਦਾਖ਼ਲ ਹੋ ਗਈ ਹੈ। ਇਜ਼ਰਾਈਲ ਡਿਫੈਂਸ ਫੋਰਸ ਨੇ ਮੰਗਲਵਾਰ ਸਵੇਰੇ ਇਹ ਜਾਣਕਾਰੀ ਦਿੱਤੀ। ਆਈਡੀਐੱਫ ਨੇ ਕਿਹਾ ਕਿ ਦੱਖਣੀ ਲੇਬਨਾਨ ਵਿੱਚ ਹਿਜ਼ਬੁੱਲਾ ਦੇ ਟਿਕਾਣਿਆਂ ਅਤੇ ਬੁਨਿਆਦੀ ਢਾਂਚੇ ਨੂੰ ਨਸ਼ਟ ਕਰਨ ਲਈ ਸਰਹੱਦ ਨਾਲ ਲੱਗਦੇ ਪਿੰਡਾਂ ਵਿੱਚ ਸੋਮਵਾਰ ਰਾਤ ਇੱਕ ਸੀਮਤ ਜ਼ਮੀਨੀ ਕਾਰਵਾਈ ਸ਼ੁਰੂ ਕੀਤੀ।

ਇਜ਼ਰਾਈਲੀ ਫੌਜ ਨੇ ਕਿਹਾ ਕਿ ਉਹ ਸਰਹੱਦ ਨੇੜੇ ਪਿੰਡਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਇੱਥੋਂ ਹਿਜ਼ਬੁੱਲਾ ਇਜ਼ਰਾਈਲ 'ਤੇ ਹਮਲਾ ਕਰਦਾ ਹੈ। ਆਈਡੀਐੱਫ ਨੇ ਕਿਹਾ ਕਿ ਉਸ ਦੇ ਸੈਨਿਕਾਂ ਨੇ ਹਾਲ ਹੀ ਵਿੱਚ ਇਸ ਹਮਲੇ ਲਈ ਸਿਖਲਾਈ ਦਿੱਤੀ ਸੀ। ਇਹ ਹਮਲੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕੀਤੇ ਜਾ ਰਹੇ ਹਨ। ਇਜ਼ਰਾਇਲੀ ਹਵਾਈ ਸੈਨਾ ਵੀ ਇਸ ਵਿੱਚ ਸ਼ਾਮਿਲ ਹੈ।

ਇਜ਼ਰਾਈਲ ਨੂੰ ਲੇਬਨਾਨ ਵਿੱਚ ਜ਼ਮੀਨੀ ਕਾਰਵਾਈ ਲਈ ਅਮਰੀਕਾ ਦਾ ਸਮਰਥਨ ਹਾਸਿਲ ਹੈ। ਅਮਰੀਕਾ ਦੇ ਵਿਦੇਸ਼ ਮੰਤਰੀ ਲੋਇਡ ਆਸਟਿਨ ਨੇ ਕਿਹਾ ਕਿ ਜੇਕਰ ਈਰਾਨ ਨੇ ਇਜ਼ਰਾਈਲ 'ਤੇ ਹਮਲਾ ਕੀਤਾ ਤਾਂ ਉਸ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ। ਹਾਲਾਂਕਿ, ਰਾਸ਼ਟਰਪਤੀ ਬਾਇਡਨ ਨੇ ਸੋਮਵਾਰ ਨੂੰ ਇਜ਼ਰਾਈਲ ਅਤੇ ਲੇਬਨਾਨ ਵਿਚਕਾਰ ਤੁਰੰਤ ਜੰਗਬੰਦੀ ਦੀ ਮੰਗ ਕੀਤੀ।

2006 ਤੋਂ ਬਾਅਦ ਇਹ ਪਹਿਲਾ ਮੌਕਾ ਹੈ ਜਦੋਂ ਇਜ਼ਰਾਈਲੀ ਫ਼ੌਜ ਲੈਬਨਾਨ ਵਿੱਚ ਦਾਖ਼ਲ ਹੋਈ ਹੈ। ਉਦੋਂ ਇਜ਼ਰਾਈਲ ਅਤੇ ਹਿਜ਼ਬੁੱਲਾ ਵਿਚਕਾਰ 33 ਦਿਨਾਂ ਤੱਕ ਯੁੱਧ ਹੋਇਆ। ਇਸ ਵਿੱਚ 1100 ਤੋਂ ਵੱਧ ਲੇਬਨਾਨੀ ਮਾਰੇ ਗਏ ਸਨ। ਇਸ ਦੇ ਨਾਲ ਹੀ ਇਜ਼ਰਾਈਲ ਦੇ 165 ਲੋਕਾਂ ਦੀ ਮੌਤ ਹੋ ਗਈ ਸੀ।

# ਤਿਰੂਪਤੀ ਲੱਡੂ ਵਿਵਾਦ: ਐੱਸ.ਆਈ.ਟੀ. ਨੇ ਫਲੋਰ ਮਿੱਲ ਦੀ ਕੀਤੀ ਜਾਂਚ, ਇੱਥੇ ਰੱਖਿਆ ਜਾਂਦਾ ਹੈ ਘਿਓ



ਤਿਰੂਪਤੀ, 1 ਅਕਤੂਬਰ (ਪੋਸਟ ਬਿਊਰੋ): ਆਂਧਰਾ ਪ੍ਰਦੇਸ਼ ਦੇ ਸ੍ਰੀ ਵੈਂਕਟੇਸ਼ਵਰ ਸਵਾਮੀ ਮੰਦਿਰ (ਤਿਰੂਪਤੀ ਮੰਦਰ) ਵਿੱਚ ਪ੍ਰਸਾਦਮ (ਲੱਡੂਆਂ) ਵਿੱਚ ਜਾਨਵਰਾਂ ਦੀ ਚਰਬੀ ਦੇ ਮਾਮਲੇ ਦੀ ਜਾਂਚ ਕਰ ਰਹੀ ਐੱਸਆਈਟੀ ਨੇ 30 ਸਤੰਬਰ ਨੂੰ ਕਈ ਥਾਂਵਾਂ 'ਤੇ ਤਲਾਸ਼ੀ ਲਈ। ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਦੇ ਅਧਿਕਾਰੀਆਂ ਨੇ ਤਿਰੁਮਾਲਾ ਵਿੱਚ ਫਲੋਰ ਮਿੱਲ ਦਾ ਨਿਰੀਖਣ ਕੀਤਾ। ਇਹ ਉਹ ਥਾਂ ਹੈ ਜਿੱਥੇ ਘਿਓ ਨੂੰ ਸਟੋਰ ਕੀਤਾ ਜਾਂਦਾ ਹੈ। ਇਸ ਘਿਓ ਦੀ ਵਰਤੋਂ ਲੱਡੂ ਪ੍ਰਸ਼ਾਦਮ ਵਿੱਚ ਕੀਤੀ ਜਾਂਦੀ ਹੈ।

ਐੱਸਆਈਟੀ ਮੁਖੀ ਸਰਵੇਸ਼ ਤ੍ਰਿਪਾਠੀ ਅਤੇ ਉਨ੍ਹਾਂ ਦੀ ਟੀਮ ਨੇ ਤਿਰੁਮਾਲਾ ਵਿੱਚ ਘਿਓ ਦੇ ਟੈਂਕਰਾਂ ਅਤੇ ਤਿਰੁਮਾਲਾ ਤਿਰੂਪਤੀ ਦੇਵਸਥਾਨਮ (ਟੀਟੀਡੀ) ਲੈਬ ਦੀ ਵੀ ਜਾਂਚ ਕੀਤੀ।

ਨੰਦਿਨੀ ਘਿਓ ਦੀ ਵਰਤੋਂ ਹੁਣ ਤਿਰੂਪਤੀ ਮੰਦਰ ਵਿੱਚ ਲੱਡੂ ਬਣਾਉਣ ਲਈ ਕੀਤੀ ਜਾ ਰਹੀ ਹੈ। ਨੰਦਿਨੀ ਕਰਨਾਟਕ ਮਿਲਕ ਫੈਡਰੇਸ਼ਨ ਦਾ ਪ੍ਰਸਿੱਧ ਬ੍ਰਾਂਡ ਹੈ। ਵਿਵਾਦ ਵਿਚਕਾਰ, ਸਿਰਫ ਇੱਕ ਮਹੀਨਾ ਪਹਿਲਾਂ ਤਿਰੁਮਾਲਾ ਤਿਰੂਪਤੀ ਦੇਵਸਥਾਨਮ (ਟੀਟੀਡੀ) ਨੇ ਕਰਨਾਟਕ ਮਿਲਕ ਫੈਡਰੇਸ਼ਨ ਨੂੰ ਘਿਓ ਸਪਲਾਈ ਕਰਨ ਦਾ ਠੇਕਾ ਦਿੱਤਾ ਸੀ।

ਕਰਨਾਟਕ ਮਿਲਕ ਫੈਡਰੇਸ਼ਨ ਦੇ ਮੈਨੇਜਿੰਗ ਡਾਇਰੈਕਟਰ ਐੱਮਕੇ ਜਗਦੀਸ਼ ਨੇ ਕਿਹਾ, ਅਸੀਂ ਆਪਣੇ ਵਾਹਨਾਂ ਵਿੱਚ ਜੀਪੀਐੱਸ ਸਿਸਟਮ ਅਤੇ ਜੀਓ ਲੋਕੇਸ਼ਨ ਡਿਵਾਈਸ ਲਗਾਏ ਹਨ। ਇਹ ਵਾਹਨ ਮੰਦਰ ਨੂੰ ਘਿਓ ਸਪਲਾਈ ਕਰਦੇ ਹਨ। ਜੀ.ਪੀ.ਐੱਸ. ਸਿਸਟਮ ਲਗਾ ਕੇ ਪਤਾ ਲੱਗ ਜਾਂਦਾ ਹੈ ਕਿ ਵਾਹਨ ਕਿੱਥੇ ਰੁਕਿਆ ਹੈ, ਤਾਂ ਜੋ ਮਿਲਾਵਟਖੋਰੀ ਨੂੰ ਰੋਕਿਆ ਜਾ ਸਕੇ। ਕਰਨਾਟਕ ਮਿਲਕ ਫੈਡਰੇਸ਼ਨ ਨੂੰ 350 ਟਨ ਘਿਓ ਸਪਲਾਈ ਕਰਨ ਦਾ ਠੇਕਾ ਮਿਲਿਆ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Harcharan S. Grover
Chartered Accountant

Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ

Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਸਲਮਾਨ ਦੀ ਫਿਲਮ ਸਿਕੰਦਰ 'ਚ ਨਜ਼ਰ ਆਵੇਗੀ ਵਰੁਣ ਧਵਨ ਦੀ ਭਤੀਜੀ ਅੰਜਿਨੀ ਧਵਨ



ਮੁੰਬਈ, 1 ਅਕਤੂਬਰ (ਪੋਸਟ ਬਿਊਰੋ): ਵਰੁਣ ਧਵਨ ਦੀ ਭਤੀਜੀ ਅੰਜਿਨੀ ਧਵਨ ਨੇ ਫ਼ਿਲਮ 'ਬਿੰਨੀ ਐਂਡ ਫੈਮਿਲੀ' ਨਾਲ ਬਾਲੀਵੁੱਡ 'ਚ ਡੈਬਿਊ ਕੀਤਾ ਹੈ। ਇਹ ਫ਼ਿਲਮ 27 ਸਤੰਬਰ ਨੂੰ ਰਿਲੀਜ਼ ਹੋਈ ਸੀ। ਹਾਲਾਂਕਿ ਇਹ ਬਾਕਸ ਆਫਿਸ 'ਤੇ ਕੁਝ ਖਾਸ ਕਮਾਲ ਨਹੀਂ ਕਰ ਸਕੀ। ਪਰ ਮੀਡੀਆ ਰਿਪੋਰਟਾਂ ਮੁਤਾਬਕ ਅੰਜਿਨੀ ਹੁਣ ਸਲਮਾਨ ਖਾਨ ਦੀ ਫ਼ਿਲਮ 'ਸਿਕੰਦਰ' 'ਚ ਨਜ਼ਰ ਆਵੇਗੀ।

ਜਾਣਕਾਰੀ ਮੁਤਾਬਕ ਸਲਮਾਨ ਖਾਨ ਦੀ ਫਿਲਮ ਸਿਕੰਦਰ 'ਚ ਲਈ ਨਵੇਂ ਚਿਹਰੇ ਦੀ ਤਲਾਸ਼ ਕੀਤੀ ਜਾ ਰਹੀ ਹੈ। ਅੰਜਿਨੀ ਪੂਰੀ ਤਰ੍ਹਾਂ ਫਿੱਟ ਬੈਠਦੀ ਹੈ, ਇਸੇ ਲਈ ਉਸ ਨੂੰ ਕਾਸਟ ਕੀਤਾ ਗਿਆ ਹੈ। ਹੁਣ ਉਹ ਜਲਦੀ ਹੀ ਇਸ ਫ਼ਿਲਮ ਦੀ ਸ਼ੂਟਿੰਗ ਸ਼ੁਰੂ ਕਰੇਗੀ। ਹਾਲਾਂਕਿ ਫ਼ਿਲਮ 'ਚ ਸਲਮਾਨ ਖਾਨ ਨਾਲ ਉਸ ਦਾ ਰਿਸ਼ਤਾ ਕੀ ਹੋਵੇਗਾ, ਇਸ ਬਾਰੇ ਹਾਲੇ ਤੱਕ ਕੋਈ ਜਾਣਕਾਰੀ ਨਹੀਂ ਹੈ। ਪਰ ਇਹ ਜ਼ਰੂਰ ਕਿਹਾ ਜਾ ਰਿਹਾ ਹੈ ਕਿ ਅੰਜਿਨੀ ਫ਼ਿਲਮ ਦਾ ਅਹਿਮ ਹਿੱਸਾ ਬਣਨ ਜਾ ਰਹੀ ਹੈ, ਇਸ ਲਈ ਨਿਰਮਾਤਾ ਉਸ ਦੇ ਕਿਰਦਾਰ ਨੂੰ ਲੁਕਾਉਣਾ ਚਾਹੁੰਦੇ ਹਨ।

ਫਿਲਮ 'ਸਿਕੰਦਰ' 'ਚ ਸਲਮਾਨ ਖਾਨ ਤੋਂ ਇਲਾਵਾ ਰਸ਼ਮਿਕਾ ਮੰਡਨਾ, ਸੁਨੀਲ ਸ਼ੈੱਟੀ, ਸਤਿਆਰਾਜ ਅਤੇ ਕਾਜਲ ਅਗਰਵਾਲ ਵਰਗੇ ਕਲਾਕਾਰ ਨਜ਼ਰ ਆਉਣਗੇ। ਇਸ ਫਿਲਮ ਦਾ ਨਿਰਦੇਸ਼ਨ ਏ.ਆਰ ਮੁਰੁਗਦਾਸ ਕਰ ਰਹੇ ਹਨ। ਫਿਲਮ 'ਚ ਸਲਮਾਨ ਖਾਨ ਭ੍ਰਿਸ਼ਟਾਚਾਰ ਖਿਲਾਫ ਜੰਗ ਲੜਦੇ ਨਜ਼ਰ ਆਉਣਗੇ। ਉਨ੍ਹਾਂ ਦੀ ਇਹ ਫਿਲਮ 2025 'ਚ ਈਦ ਦੇ ਮੌਕੇ 'ਤੇ ਬਾਕਸ ਆਫਿਸ 'ਤੇ ਦਸਤਕ ਦੇਵੇਗੀ।

# ਭਾਰਤ ਨੇ ਕਾਨਪੁਰ ਟੈਸਟ ਵਿਚ ਬੰਗਲਾਦੇਸ਼ ਨੂੰ 7 ਵਿਕਟਾਂ ਨਾਲ ਹਰਾਇਆ

ਕਾਨਪੁਰ, 1 ਅਕਤੂਬਰ (ਪੋਸਟ ਬਿਊਰੋ): ਭਾਰਤ ਨੇ ਕਾਨਪੁਰ ਟੈਸਟ ਵਿੱਚ ਬੰਗਲਾਦੇਸ਼ ਨੂੰ 7 ਵਿਕਟਾਂ ਨਾਲ ਹਰਾ ਦਿੱਤਾ ਹੈ। ਇਸ ਦੇ ਨਾਲ ਹੀ ਟੀਮ ਇੰਡੀਆ ਨੇ ਸੀਰੀਜ਼ 'ਚ 2-0 ਨਾਲ ਕਲੀਨ ਸਵੀਪ ਕਰ ਲਿਆ ਹੈ।

ਮੀਂਹ ਨਾਲ ਪ੍ਰਭਾਵਿਤ ਮੈਚ ਦੇ ਆਖਰੀ ਦਿਨ ਮੰਗਲਵਾਰ ਨੂੰ ਭਾਰਤ ਦੇ ਸਾਹਮਣੇ 95 ਦੌੜਾਂ ਦਾ ਟੀਚਾ ਸੀ, ਜਿਸ ਨੂੰ ਭਾਰਤੀ ਬੱਲੇਬਾਜ਼ਾਂ ਨੇ 17.2 ਓਵਰਾਂ 'ਚ ਹਾਸਿਲ ਕਰ ਲਿਆ। ਯਸ਼ਸਵੀ ਜੈਸਵਾਲ ਨੇ 51 ਦੌੜਾਂ ਬਣਾਈਆਂ। ਕੋਹਲੀ 29 ਦੌੜਾਂ ਬਣਾ ਕੇ ਅਜੇਤੂ ਰਹੇ। ਵਿਕਟਕੀਪਰ ਰਿਸ਼ਭ ਪੰਤ ਨੇ ਚੌਕਾ ਲਗਾ ਕੇ ਟੀਮ ਨੂੰ ਜਿੱਤ ਦਿਵਾਈ।





ਲੰਚ ਤੋਂ ਪਹਿਲਾਂ ਭਾਰਤ ਨੇ ਦੂਜੀ ਪਾਰੀ 'ਚ ਬੰਗਲਾਦੇਸ਼ ਨੂੰ 146 ਦੌੜਾਂ 'ਤੇ ਆਲ ਆਊਟ ਕਰ ਦਿੱਤਾ। ਬੰਗਲਾਦੇਸ਼ੀ ਟੀਮ ਨੇ ਦਿਨ ਦੀ ਸ਼ੁਰੂਆਤ 26/2 ਦੇ ਸਕੋਰ ਨਾਲ ਕੀਤੀ। ਸੋਮਵਾਰ ਨੂੰ ਭਾਰਤ ਨੇ 34.4 ਓਵਰਾਂ 'ਚ 9 ਵਿਕਟਾਂ 'ਤੇ 285 ਦੌੜਾਂ ਦੇ ਸਕੋਰ 'ਤੇ ਪਹਿਲੀ ਪਾਰੀ ਐਲਾਨ ਦਿੱਤੀ। ਟੀਮ ਇੰਡੀਆ ਨੇ ਪਹਿਲੀ ਪਾਰੀ 'ਚ ਬੰਗਲਾਦੇਸ਼ ਨੂੰ 233 ਦੌੜਾਂ 'ਤੇ ਢੇਰ ਕਰ ਦਿੱਤਾ ਸੀ।

ਮੀਂਹ ਕਾਰਨ ਤੀਜੇ ਅਤੇ ਦੂਜੇ ਦਿਨ ਦੀ ਖੇਡ ਰੱਦ ਕਰਨੀ ਪਈ ਜਦਕਿ ਪਹਿਲੇ ਦਿਨ ਸਿਰਫ਼ 35 ਓਵਰ ਹੀ ਸੁੱਟੇ ਜਾ ਸਕੇ। ਅਜਿਹੇ 'ਚ ਮੈਚ ਲਗਭਗ ਡਰਾਅ ਮੰਨਿਆ ਜਾ ਰਿਹਾ ਸੀ ਪਰ ਭਾਰਤੀ ਟੀਮ ਨੇ ਪਿਛਲੇ 2 ਦਿਨਾਂ 'ਚ ਪੂਰੀ ਤਸਵੀਰ ਹੀ ਉਲਟਾ ਦਿੱਤੀ।

## ਮਾਨ ਸਰਕਾਰ ਵਪਾਰੀਆਂ ਲਈ ਸੁਖਾਵੇਂ ਅਤੇ ਸੁਰੱਖਿਅਤ ਕਾਰੋਬਾਰੀ ਮਾਹੌਲ ਨੂੰ ਯਕੀਨੀ ਬਣਾਉਣ ਲਈ ਵਚਨਬੱਧ: ਵਿਨੀਤ ਵਰਮਾ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਵਪਾਰੀਆਂ ਲਈ ਸੁਖਾਵਾਂ ਅਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਸਮਰਪਿਤ ਹੈ। ਅੱਜ ਮੋਹਾਲੀ ਵਿਉਪਾਰ ਮੰਡਲ ਅਤੇ ਮੋਹਾਲੀ ਦੀਆਂ ਵੱਖ-ਵੱਖ ਮਾਰਕੀਟਾਂ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ ਦੌਰਾਨ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ ਨੇ ਖਾਸ ਕਰਕੇ ਤਿਉਹਾਰਾਂ ਦੇ ਸੀਜ਼ਨ ਦੌਰਾਨ ਵਪਾਰੀਆਂ ਦਾ ਸਮਰਥਨ ਕਰਨ ਲਈ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਇਹ ਮੀਟਿੰਗ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਚੇਅਰਪਰਸਨ ਅਨਿਲ ਠਾਕੁਰ ਦੇ ਨਿਰਦੇਸ਼ਾਂ ਹੇਠ ਬੁਲਾਈ ਗਈ ਸੀ।

## ਬੁਲਡੋਜ਼ਰ ਦੀ ਕਾਰਵਾਈ 'ਤੇ ਸੁਪਰੀਮ ਕੋਰਟ ਦਾ ਸਟੇਅ ਜਾਰੀ, ਕਿਹਾ- ਉਲੰਘਣਾ ਕਰਨ ਵਾਲਿਆਂ ਤੋਂ ਵਸੂਲਿਆ ਜਾਵੇਗਾ ਮੁਆਵਜ਼ਾ



ਨਵੀਂ ਦਿੱਲੀ, 1 ਅਕਤੂਬਰ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ ਬੁਲਡੋਜ਼ਰ ਦੀ ਕਾਰਵਾਈ ਦੇ ਮਾਮਲੇ 'ਚ ਮੰਗਲਵਾਰ ਨੂੰ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਹੈ। ਸੁਣਵਾਈ ਦੌਰਾਨ ਜਸਟਿਸ ਬੀ.ਆਰ.ਗਵਈ ਅਤੇ ਜਸਟਿਸ ਵਿਸ਼ਵਨਾਥਨ ਦੇ ਬੈਂਚ ਨੇ ਕਿਹਾ ਕਿ ਫੈਸਲਾ ਆਉਣ ਤੱਕ ਦੇਸ਼ ਭਰ ਵਿੱਚ ਬੁਲਡੋਜ਼ਰ ਦੀ ਕਾਰਵਾਈ 'ਤੇ ਪਾਬੰਦੀ ਜਾਰੀ ਰਹੇਗੀ।

ਬੈਂਚ ਨੇ ਇਹ ਵੀ ਕਿਹਾ ਕਿ ਅਦਾਲਤੀ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪੀੜਤਾਂ ਦੀ ਜਾਇਦਾਦ ਵਾਪਿਸ ਕੀਤੀ ਜਾਵੇਗੀ, ਜਿਸ ਦਾ ਮੁਆਵਜ਼ਾ ਵੀ ਦੋਸ਼ੀ ਅਧਿਕਾਰੀਆਂ ਤੋਂ ਵਸੂਲਿਆ ਜਾਵੇਗਾ।

ਸੁਣਵਾਈ ਕਰਦਿਆਂ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਰਾਜਸਥਾਨ ਸਰਕਾਰਾਂ ਦਾ ਪੱਖ ਪੇਸ਼ ਕੀਤਾ। ਨਾਲ ਹੀ ਕਿਹਾ ਕਿ ਇਕ ਵਿਸ਼ੇਸ਼ ਭਾਈਚਾਰੇ 'ਤੇ ਬੁਲਡੋਜ਼ਰ ਦੀ ਕਾਰਵਾਈ ਕੀਤੇ ਜਾਣ ਦੇ ਦੋਸ਼ ਲੱਗੇ ਹਨ।

ਇਸ 'ਤੇ ਜਸਟਿਸ ਗਵਈ ਨੇ ਕਿਹਾ ਕਿ ਅਸੀਂ ਧਰਮ ਨਿਰਪੱਖ ਦੇਸ਼ ਹਾਂ। ਅਸੀਂ ਜੋ ਵੀ ਤੈਅ ਕਰ ਰਹੇ ਹਾਂ, ਉਹ ਪੂਰੇ ਦੇਸ਼ ਲਈ ਹੋਵੇਗਾ। ਮੰਦਰ ਹੋਵੇ ਜਾਂ ਦਰਗਾਹ, ਇਸ ਨੂੰ ਹਟਾਉਣਾ ਸਹੀ ਹੋਵੇਗਾ ਕਿਉਂਕਿ ਜਨਤਾ ਦੀ ਸੁਰੱਖਿਆ ਸਭ ਤੋਂ ਪਹਿਲਾਂ ਆਉਂਦੀ ਹੈ।

# ਹਿਮਾਚਲ 'ਚ 56 ਸਾਲਾਂ ਬਾਅਦ ਮਿਲੀਆਂ 4 ਜਵਾਨਾਂ ਦੀਆਂ ਲਾਸ਼ਾਂ, 1968 'ਚ ਹੋਇਆ ਸੀ ਆਈਏਐੱਫ ਦਾ ਜਹਾਜ਼ ਹਾਦਸਾਗ੍ਰਸਤ

ਨਵੀਂ ਦਿੱਲੀ, 1 ਅਕਤੂਬਰ (ਪੋਸਟ ਬਿਊਰੋ): ਹਿਮਾਚਲ ਪ੍ਰਦੇਸ਼ ਦੇ ਰੋਹਤਾਂਗ ਦੱਰੇ ਤੋਂ 56 ਸਾਲਾਂ ਬਾਅਦ ਚਾਰ ਭਾਰਤੀ ਜਵਾਨਾਂ ਦੀਆਂ ਲਾਸ਼ਾਂ ਮਿਲੀਆਂ ਹਨ। ਭਾਰਤੀ ਫੌਜ ਦੇ ਡੋਗਰਾ ਸਕਾਊਟਸ ਅਤੇ ਤਿਰੰਗਾ ਮਾਊਂਟੇਨ ਬਚਾਅ ਦਲ ਦੀ ਸਾਂਝੀ ਟੀਮ ਨੇ ਲਾਸ਼ਾਂ ਬਰਾਮਦ ਕੀਤੀਆਂ। ਦਰਅਸਲ, 1968 ਵਿੱਚ ਭਾਰਤੀ ਹਵਾਈ ਫੌਜ ਦਾ ਇੱਕ ਏਐਨ-12 ਜਹਾਜ਼ ਇਸ ਖੇਤਰ ਵਿੱਚ ਕਰੈਸ਼ ਹੋ ਗਿਆ ਸੀ।



7 ਫਰਵਰੀ 1968 ਨੂੰ ਚੰਡੀਗੜ੍ਹ ਤੋਂ ਲੇਹ ਜਾਂਦੇ ਸਮੇਂ 102 ਸੈਨਿਕਾਂ ਨੂੰ ਲੈ ਕੇ ਦੋ ਇੰਜਣ ਵਾਲਾ ਏਐਨ-12 ਟਰਬੋਪ੍ਰੌਪ ਟਰਾਂਸਪੋਰਟ ਜਹਾਜ਼ ਲਾਪਤਾ ਹੋ ਗਿਆ ਸੀ। ਇਹ ਜਹਾਜ਼ ਖਰਾਬ ਮੌਸਮ 'ਚ ਫਸ ਗਿਆ ਅਤੇ ਹਿਮਾਚਲ ਪ੍ਰਦੇਸ਼ ਦੇ ਰੋਹਤਾਂਗ ਦੱਰੇ 'ਤੇ ਹਾਦਸਾਗ੍ਰਸਤ ਹੋ ਗਿਆ।

2019 ਤੱਕ ਪੰਜ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਸਨ। ਮਲਬੇ ਦੀ ਖੋਜ 2003 ਵਿੱਚ ਅਟਲ ਬਿਹਾਰੀ ਵਾਜਪਾਈ ਮਾਊਂਟੇਨੀਅਰਿੰਗ ਇੰਸਟੀਚਿਊਟ ਦੇ ਪਰਬਤਾਰੋਹੀਆਂ ਵੱਲੋਂ ਕੀਤੀ ਗਈ ਸੀ, ਜਿਸ ਤੋਂ ਬਾਅਦ ਭਾਰਤੀ ਫੌਜ, ਖਾਸ ਤੌਰ 'ਤੇ ਡੋਗਰਾ ਸਕਾਊਟਸ ਨੇ ਸਾਲਾਂ ਦੌਰਾਨ ਕਈ ਖੋਜ ਮੁਹਿੰਮਾਂ ਚਲਾਈਆਂ। ਡੋਗਰਾ ਸਕਾਊਟਸ ਨੇ 2005, 2006, 2013 ਅਤੇ 2019 ਵਿੱਚ ਲਾਸ਼ਾਂ ਨੂੰ ਕੱਢਣਾ ਜਾਰੀ ਰੱਖਿਆ। ਅਧਿਕਾਰੀਆਂ ਨੇ ਕਿਹਾ ਕਿ ਕਰੈਸ਼ ਸਾਈਟ ਦੇ ਕਠੋਰ ਹਾਲਾਤ ਅਤੇ ਚੁਣੌਤੀਪੂਰਨ ਖੇਤਰ ਦੇ ਕਾਰਨ 2019 ਤੱਕ ਸਿਰਫ ਪੰਜ ਲਾਸ਼ਾਂ ਹੀ ਬਰਾਮਦ ਕੀਤੀਆਂ ਗਈਆਂ ਹਨ।

ਅਧਿਕਾਰੀਆਂ ਮੁਤਾਬਕ ਤਿੰਨ ਮ੍ਰਿਤਕਾਂ ਦੀਆਂ ਲਾਸ਼ਾਂ ਦੀ ਪਹਿਚਾਣ ਮੱਖਣ ਸਿੰਘ, ਕਾਂਸਟੇਬਲ ਨਰਾਇਣ ਸਿੰਘ ਅਤੇ ਕਰਾਫਟਮੈਨ ਥਾਮਸ ਚਰਨ ਵਜੋਂ ਹੋਈ ਹੈ। ਚੌਥੀ ਲਾਸ਼ ਦੀ ਹਾਲੇ ਤੱਕ ਪਹਿਚਾਣ ਨਹੀਂ ਹੋ ਸਕੀ ਹੈ।

ਥਾਮਸ ਚਰਨ ਕੇਰਲ ਦੇ ਪਠਾਨਮਥਿੱਟਾ ਜ਼ਿਲ੍ਹੇ ਦੇ ਏਲਾਂਥੂਰ ਦੇ ਰਹਿਣ ਵਾਲੇ ਸਨ। ਉਨ੍ਹਾਂ ਦੀ ਮਾਂ ਅਲੀਮਾ ਸਮੇਤ ਉਨ੍ਹਾਂ ਦੇ ਪਰਿਵਾਰ ਨੂੰ ਬਰਾਮਦਗੀ ਬਾਰੇ ਸੂਚਨਾ ਦੇ ਦਿੱਤੀ ਗਈ ਹੈ। ਸਰਕਾਰੀ ਰਿਕਾਰਡ ਤੋਂ ਪ੍ਰਾਪਤ ਦਸਤਾਵੇਜ਼ਾਂ ਦੀ ਮਦਦ ਨਾਲ ਮੱਖਣ ਸਿੰਘ ਦੀ ਸ਼ਨਾਖਤ ਕੀਤੀ ਗਈ, ਜਦੋਂਕਿ ਫੌਜ ਦੀ ਮੈਡੀਕਲ ਕੋਰ ਵਿੱਚ ਕੰਮ ਕਰਦੇ ਸਿਪਾਹੀ ਨਰਾਇਣ ਸਿੰਘ ਦੀ ਪਛਾਣ ਹੋਈ। ਅਧਿਕਾਰੀਆਂ ਨੇ ਦੱਸਿਆ ਕਿ ਨਰਾਇਣ ਸਿੰਘ ਉੱਤਰਾਖੰਡ ਦੇ ਗੜ੍ਹਵਾਲ ਦੀ ਚਮੋਲੀ ਤਹਿਸੀਲ ਦੇ ਕੋਲਪਾੜੀ ਪਿੰਡ ਦੇ ਰਹਿਣ ਵਾਲੇ ਸਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580


ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



## ਦਿੱਲੀ ਥਾਣੇ ’ਚ ਲੱਦਾਖ ਨੂੰ ਰਾਜ ਦਾ ਦਰਜਾ ਦੇਣ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ ’ਤੇ ਬੈਠੇ ਸੋਨਮ ਵਾਂਗਚੁਕ, 700 ਕਿਲੋਮੀਟਰ ਪੈਦਲ ਚੱਲੇ

ਨਵੀਂ ਦਿੱਲੀ, 1 ਅਕਤੂਬਰ (ਪੋਸਟ ਬਿਊਰੋ): ਲੱਦਾਖ ਤੋਂ ਲਗਭਗ 700 ਕਿਲੋਮੀਟਰ ਦੀ ਪੈਦਲ ਯਾਤਰਾ ਕਰਕੇ ਦਿੱਲੀ ਪਹੁੰਚੇ ਜਲਵਾਯੂ ਕਾਰਕੁਨ ਸੋਨਮ ਵਾਂਗਚੁਕ ਸਮੇਤ 120 ਲੋਕਾਂ ਨੂੰ ਸੋਮਵਾਰ ਦੇਰ ਰਾਤ ਹਿਰਾਸਤ ਵਿੱਚ ਲਿਆ ਗਿਆ। ਵਾਂਗਚੁਕ ਨੂੰ ਪੁਲਿਸ ਦਿੱਲੀ ਦੇ ਬਵਾਨਾ ਥਾਣੇ ਲੈ ਗਈ, ਜਿੱਥੇ ਉਨ੍ਹਾਂ ਨੇ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ।

ਦਿੱਲੀ ਪੁਲਿਸ ਨੇ ਦੱਸਿਆ ਕਿ ਵਾਂਗਚੁਕ ਦਿੱਲੀ ਸਰਹੱਦ 'ਤੇ ਰਾਤ ਬਿਤਾਉਣਾ ਚਾਹੁੰਦੇ ਸਨ। ਦਿੱਲੀ ਵਿੱਚ 5 ਅਕਤੂਬਰ ਤੱਕ ਧਾਰਾ 163 ਲਾਗੂ ਹੈ। ਮਾਰਚ ਕਰ ਰਹੇ ਲੋਕਾਂ ਨੂੰ ਵਾਪਿਸ ਜਾਣ ਲਈ ਕਿਹਾ ਗਿਆ, ਜਦੋਂ ਉਹ ਨਾ ਮੰਨੇ ਤਾਂ ਕਾਰਵਾਈ ਕੀਤੀ ਗਈ।



ਮੰਗਲਵਾਰ ਸਵੇਰੇ ਲੱਦਾਖ ਦੇ ਸੰਸਦ ਹਾਜੀ ਹਨੀਫਾ ਵੀ ਵਾਂਗਚੁਕ ਦੇ ਪ੍ਰਦਰਸ਼ਨ 'ਚ ਸ਼ਾਮਿਲ ਹੋਏ। ਦਿੱਲੀ ਪੁਲਿਸ ਨੇ ਉਨ੍ਹਾਂ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਅਤੇ ਨਰੇਲਾ ਪੁਲਿਸ ਸਟੇਸ਼ਨ ਭੇਜ ਦਿੱਤਾ।

ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ ਨੇ ਕਿਹਾ ਹੈ ਕਿ ਉਹ ਜਲਦੀ ਹੀ ਸੋਨਮ ਵਾਂਗਚੁਕ ਨੂੰ ਮਿਲਣ ਜਾਣਗੇ।

ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ- ਮੋਦੀ ਜੀ, ਕਿਸਾਨ ਬਿੱਲ ਵਾਂਗ ਇਹ ਚੱਕਰਵਿਊ ਅਤੇ ਤੁਹਾਡੀ ਹਉਮੈ ਵੀ ਟੁੱਟ ਜਾਵੇਗੀ। ਤੁਹਾਨੂੰ ਲੱਦਾਖ ਦੀ ਆਵਾਜ਼ ਸੁਣਨੀ ਪਵੇਗੀ।

ਦਰਅਸਲ, ਲੇਹ ਐਪੈਕਸ ਬਾਡੀ ਅਤੇ ਕਾਰਗਿਲ ਡੈਮੋਕ੍ਰੇਟਿਕ ਅਲਾਇੰਸ ਪਿਛਲੇ 4 ਸਾਲਾਂ ਤੋਂ ਲੱਦਾਖ ਨੂੰ ਰਾਜ ਦਾ ਦਰਜਾ ਦੇਣ ਦੀ ਮੰਗ ਕਰ ਰਹੇ ਹਨ। ਇਸ ਸਬੰਧੀ ਇੱਕ ਮਹੀਨਾ ਪਹਿਲਾਂ ਸੋਨਮ ਵਾਂਗਚੁਕ ਨੇ ਕਰੀਬ 120 ਲੋਕਾਂ ਨਾਲ ਲੇਹ ਤੋਂ ਦਿੱਲੀ ਵਿੱਚ ਬਾਪੂ ਦੀ ਸਮਾਧੀ ਤੱਕ ਪੈਦਲ ਮਾਰਚ ਕੱਢਿਆ ਸੀ। ਉਨ੍ਹਾਂ ਇਸ ਮਾਰਚ ਨੂੰ ਦਿੱਲੀ ਚੱਲੋ ਦਾ ਨਾਂ ਦਿੱਤਾ। ਦਿੱਲੀ ਪੁਲਿਸ ਨੇ ਸੋਮਵਾਰ ਦੇਰ ਰਾਤ ਉਨ੍ਹਾਂ ਨੂੰ ਰੋਕ ਲਿਆ।

## ਪੱਛਮੀ ਬੰਗਾਲ ’ਚ ਜੂਨੀਅਰ ਡਾਕਟਰਾਂ ਦੀ ਫਿਰ ਹੜਤਾਲ, ਕਿਹਾ- ਸੁਰੱਖਿਆ ਦੀ ਮੰਗ ’ਤੇ ਮਮਤਾ ਸਰਕਾਰ ਦਾ ਰਵੱਈਆ ਹਾਂ-ਪੱਖੀ ਨਹੀਂ

ਕੋਲਕਾਤਾ, 1 ਅਕਤੂਬਰ (ਪੋਸਟ ਬਿਊਰੋ): ਪੱਛਮੀ ਬੰਗਾਲ 'ਚ ਅੰਦੋਲਨਕਾਰੀ ਜੂਨੀਅਰ ਡਾਕਟਰ ਮੰਗਲਵਾਰ ਨੂੰ ਇਕ ਵਾਰ ਫਿਰ ਹੜਤਾਲ 'ਤੇ ਚਲੇ ਗਏ ਹਨ। ਸੂਬਾ ਸਰਕਾਰ 'ਤੇ ਦਬਾਅ ਬਣਾਉਣ ਲਈ ਕੰਮਕਾਜ ਪੂਰੀ ਤਰ੍ਹਾਂ ਰੋਕ ਦਿੱਤਾ ਗਿਆ ਹੈ। ਡਾਕਟਰਾਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਪੂਰੀ ਸੁਰੱਖਿਆ ਦਿੱਤੀ ਜਾਵੇ। ਸਿਹਤ ਸਕੱਤਰ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾਉਣ ਵਰਗੀਆਂ ਕਈ ਮੰਗਾਂ ਨੂੰ ਲੈ ਕੇ ਡਾਕਟਰ ਬੁੱਧਵਾਰ ਨੂੰ ਕਾਲਜ ਚੌਕ ਤੋਂ ਧਰਮਤਲਾ ਤੱਕ ਰੋਸ ਮਾਰਚ ਵੀ ਕਰਨਗੇ।



ਇਸ ਤੋਂ ਪਹਿਲਾਂ ਜੂਨੀਅਰ ਡਾਕਟਰਾਂ ਨੇ 10 ਅਗਸਤ ਤੋਂ 42 ਦਿਨਾਂ ਤੱਕ ਧਰਨਾ ਜਾਰੀ ਰੱਖਿਆ। 21 ਸਤੰਬਰ ਨੂੰ ਸਰਕਾਰੀ ਹਸਪਤਾਲਾਂ ਵਿੱਚ ਡਿਊਟੀ 'ਤੇ ਵਾਪਿਸ ਆਏ ਸਨ। ਸੋਮਵਾਰ ਨੂੰ ਸੁਪਰੀਮ ਕੋਰਟ ਨੇ ਹਸਪਤਾਲਾਂ ਦੀ ਸੁਰੱਖਿਆ 'ਚ ਢਿੱਲ ਨੂੰ ਲੈ ਕੇ ਮਮਤਾ ਸਰਕਾਰ ਦੀ ਖਿਚਾਈ ਕੀਤੀ ਅਤੇ ਹੁਕਮ ਦਿੱਤਾ ਕਿ 15 ਦਿਨਾਂ ਦੇ ਅੰਦਰ ਸਾਰੇ ਹਸਪਤਾਲਾਂ 'ਚ ਸੀ.ਸੀ.ਟੀ.ਵੀ. ਲਗਾਏ ਜਾਣ।

9 ਅਗਸਤ ਨੂੰ ਆਰਜੀ ਕਾਰ ਮੈਡੀਕਲ ਕਾਲਜ ਹਸਪਤਾਲ ਵਿੱਚ ਇੱਕ ਜੂਨੀਅਰ ਡਾਕਟਰ ਨਾਲ ਬਲਾਤਕਾਰ ਅਤੇ ਕਤਲ ਦੇ ਵਿਰੋਧ ਵਿੱਚ ਹੜਤਾਲ ’ਤੇ ਸਨ। ਹੜਤਾਲ ਦਾ ਐਲਾਨ ਕਰਦੇ ਹੋਏ ਪ੍ਰਦਰਸ਼ਨਕਾਰੀ ਜੂਨੀਅਰ ਡਾਕਟਰਾਂ ਵਿੱਚੋਂ ਇੱਕ ਅਨਿਕੇਤ ਮਹਤੋ ਨੇ ਕਿਹਾ ਕਿ ਸਾਡੀਆਂ ਸੁਰੱਖਿਆ ਮੰਗਾਂ ਨੂੰ ਪੂਰਾ ਕਰਨ ਨੂੰ ਲੈ ਕੇ ਮਮਤਾ ਸਰਕਾਰ ਦਾ ਰਵੱਈਆ ਸਕਾਰਾਤਮਕ ਨਹੀਂ ਜਾਪਦਾ। ਅੱਜ 52ਵਾਂ ਦਿਨ ਹੈ। ਅਸੀਂ ਹਾਲੇ ਵੀ ਹਮਲੇ ਹੋ ਰਹੇ ਹਨ। ਮੁੱਖ ਮੰਤਰੀ ਮਮਤਾ ਦੇ ਵਾਅਦਿਆਂ ਨੂੰ ਪੂਰਾ ਕਰਨ ਲਈ ਕੋਈ ਉਪਰਾਲਾ ਹੁੰਦਾ ਨਜ਼ਰ ਨਹੀਂ ਆ ਰਿਹਾ। ਸਾਡੇ ਕੋਲ ਅੱਜ ਤੋਂ ਕੰਮ ਪੂਰੀ ਤਰ੍ਹਾਂ ਬੰਦ ਕਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਬਚਿਆ ਹੈ। ਜਦੋਂ ਤੱਕ ਅਸੀਂ ਸੂਬਾ ਸਰਕਾਰ ਵੱਲੋਂ ਕਾਰਵਾਈ ਨਹੀਂ ਦੇਖਦੇ, ਕੰਮ ਬੰਦ ਰਹੇਗਾ।

## ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਵੱਡੀ ਰਾਹਤ, ਮੁੱਖ ਮੰਤਰੀ ਵੱਲੋਂ ਲੇਬਰ ਚਾਰਜ ਵਿੱਚ ਪ੍ਰਤੀ ਕੁਇੰਟਲ ਇਕ ਰੁਪਏ ਦਾ ਵਾਧਾ ਕਰਨ ਦਾ ਐਲਾਨ

*** ਨਿਰਵਿਘਨ ਅਤੇ ਸੁਚਾਰੂ ਖਰੀਦ ਲਈ ਮੰਤਰੀਆਂ ਅਤੇ ਵਿਧਾਇਕਾਂ ਨੂੰ ਮੰਡੀਆਂ ਦੇ ਦੌਰੇ ਕਰਨ ਦੇ ਨਿਰਦੇਸ਼ *ਸੀਜ਼ਨ ਦੇ ਸਿਖਰ ਦੌਰਾਨ ਝੋਨੇ ਦੀ ਵਿਆਪਕ ਆਮਦ ਨਾਲ ਨਜਿੱਠਣ ਲਈ ਡਿਪਟੀ ਕਮਿਸ਼ਨਰਾਂ ਨੂੰ ਢੁਕਵੇਂ ਪ੍ਰਬੰਧ ਕਰਨ ਦੇ ਹੁਕਮ**

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਮੰਡੀਆਂ ਵਿੱਚ ਫਸਲ ਨੂੰ ਲਾਹੁਣ ਅਤੇ ਚੁਕਵਾਉਣ ਵਿੱਚ ਲੱਗੇ ਮਜ਼ਦੂਰਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੰਡੀ ਲੇਬਰ ਚਾਰਜ ਵਿੱਚ ਪ੍ਰਤੀ ਕੁਇੰਟਲ ਇਕ ਰੁਪਏ ਦਾ ਵਾਧਾ ਕਰਨ ਦਾ ਐਲਾਨ ਕੀਤਾ ਹੈ।



ਅੱਜ ਇੱਥੇ ਝੋਨੇ ਦੀ ਚੱਲ ਰਹੀ ਖਰੀਦ ਦੇ ਮੱਦੇਨਜ਼ਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਅਹਿਮ ਕਦਮ ਚੁੱਕਦਿਆਂ ਮੰਡੀ ਲੇਬਰ ਚਾਰਜ ਵਿੱਚ ਪ੍ਰਤੀ ਕੁਇੰਟਲ ਇਕ ਰੁਪਏ ਦਾ ਵਾਧਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸੂਬੇ ਭਰ ਦੀਆਂ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਲਈ ਵੱਡੀ ਰਾਹਤ ਹੈ ਜੋ ਸੁਚਾਰੂ ਢੰਗ ਨਾਲ ਖਰੀਦ ਕਾਰਜਾਂ ਨੂੰ ਨੇਪਰੇ ਚਾੜ੍ਹਨ ਵਿੱਚ ਬਹੁਤ ਸਹਾਈ ਹੋਵ- ੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਸਰਕਾਰੀ ਖਜ਼ਾਨੇ ਵਿੱਚੋਂ 18 ਕਰੋੜ ਰੁਪਏ ਦੀ ਵਾਧੂ ਅਦਾਇਗੀ ਕੀਤੀ ਜਾਵੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਝੋਨੇ ਦੇ ਮੰਡੀਕਰਨ ਸੀਜ਼ਨ ਦੌਰਾਨ ਅਨਾਜ ਮੰਡੀਆਂ ਦੇ ਦੌਰੇ ਕਰਨ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਮੰਤਰੀਆਂ ਅਤੇ ਵਿਧਾਇਕਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਮੰਡੀਆਂ ਵਿੱਚ ਲਿਆਂਦੀ ਗਈ ਕਿਸਾਨਾਂ ਦੀ ਜਿਣਸ ਦੀ ਖਰੀਦ ਅਤੇ ਲਿਫਟਿੰਗ ਜਲਦ ਤੋਂ ਜਲਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਮੁੱਚੀ ਖਰੀਦ ਪ੍ਰਕਿਰਿਆ ਨਿਰਵਿਘਨ ਅਤੇ ਬਿਨਾਂ ਕਿਸੇ ਪ੍ਰੇਸ਼ਾਨੀ ਤੋਂ ਨੇਪਰੇ ਚੜ੍ਹਨੀ ਚਾਹੀਦੀ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਮੰਡੀਆਂ ਨੂੰ ਕਬਜ਼ਿਆਂ ਤੋਂ ਮੁਕਤ ਅਤੇ ਸਾਫ਼ ਸੁਥਰਾ ਰੱਖਣ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਸੀਜ਼ਨ ਦੇ ਸਿਖਰ ਦੌਰਾਨ ਮੰਡੀਆਂ ਵਿੱਚ ਫ਼ਸਲ ਦੇ ਅੰਬਾਰ ਨਾ ਲੱਗਣ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਚੱਲ ਰਹੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੰਡੀਆਂ ਵਿੱਚ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਮਿੱਲ ਮਾਲਕਾਂ ਦੀਆਂ ਹੱਕੀ ਮੰਗਾਂ ਪ੍ਰਤੀ ਸੁਹਿਰਦ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਹੀ ਇਨ੍ਹਾਂ ਮੰਗਾਂ ਦੇ ਜਲਦੀ ਹੱਲ ਲਈ ਕੇਂਦਰ ਸਰਕਾਰ ਕੋਲ ਮਾਮਲਾ ਉਠਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਸਮਾਜ ਦੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ 185 ਲੱਖ ਮੀਟਰਕ ਟਨ ਝੋਨਾ ਮੰਡੀਆਂ ਵਿੱਚ ਲਿਆਂਦੇ ਜਾਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਸੂਬੇ ਵਿੱਚ 32 ਲੱਖ ਹੈਕਟੇਅਰ ਰਕਬਾ ਝੋਨੇ ਦੀ ਕਾਸ਼ਤ ਹੇਠ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਵੱਲੋਂ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ 41,378 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਨੇ ਇਸ ਸੀਜ਼ਨ ਲਈ 'ਏ' ਗਰੇਡ ਦੇ ਝੋਨੇ ਲਈ 2320 ਰੁਪਏ ਪ੍ਰਤੀ ਕੁਇੰਟਲ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਤੈਅ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਖਰੀਦ ਏਜੰਸੀਆਂ ਪਨਗ੍ਰੇਨ, ਮਾਰਕਫੈੱਡ, ਪਨਸਪ, ਪੀ.ਐੱਸ.ਡਬਲਯੂ.ਸੀ, ਅਤੇ ਐੱਫ.ਸੀ.ਆਈ. ਵੱਲੋਂ ਭਾਰਤ ਸਰਕਾਰ ਦੁਆਰਾ ਨਿਰਧਾਰਿਤ ਮਾਪਦੰਡਾਂ ਅਨੁਸਾਰ ਘੱਟੋ-ਘੱਟ ਸਮਰਥਨ ਮੁੱਲ 'ਤੇ ਝੋਨੇ ਦੀ ਖਰੀਦ ਕਰਨਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਝੋਨੇ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਲਈ ਸਾਰੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਝੋਨੇ ਦੀ ਨਿਰਵਿਘਨ ਖਰੀਦ ਅਤੇ ਲਿਫਟਿੰਗ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਪਹੁੰਚਦੇ ਸਾਰ ਹੀ ਖ਼ਰੀਦਣ ਲਈ ਪਹਿਲਾਂ ਹੀ ਪੁਖਤਾ ਪ੍ਰਬੰਧ ਕਰ ਲਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮੌਕੇ 'ਤੇ ਹੀ ਅਦਾਇਗੀ ਯਕੀਨੀ ਬਣਾਉਣ ਲਈ ਢੁਕਵੀਂ ਵਿਧੀ ਵਿਕਸਿਤ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੰਡੀਆਂ ਵਿੱਚ ਅਨਾਜ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦੀ ਵਿਵਸਥਾ ਕੀਤੀ ਗਈ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ। ਇਸੇ ਮੰਤਵ ਤਹਿਤ ਰੱਖਿਆ ਸੇਵਾਵਾਂ ਭਲਾਈ ਬਾਰੇ ਮੰਤਰੀ ਮਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੀ ਇੱਕ ਉੱਚ-ਪੱਧਰੀ ਮੀਟਿੰਗ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਕੀਤੀ।

ਮੀਟਿੰਗ ਦੌਰਾਨ ਵਿਭਾਗ ਦੇ ਮੁੱਖ ਮੁੱਦਿਆਂ, ਚੱਲ ਰਹੇ ਅਤੇ ਭਵਿੱਖ ਦੇ ਪ੍ਰੋਜੈਕਟਾਂ ਦੀ ਡੂੰਘਾਈ ਨਾਲ ਸਮੀਖਿਆ ਕੀਤੀ ਗਈ। ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਰੱਖਿਆ ਕਰਮਚਾਰੀਆਂ,



ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵੱਖ-ਵੱਖ ਯੋਜਨਾਵਾਂ ਦੀ ਸਥਿਤੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ।

ਮੀਟਿੰਗ ਦੌਰਾਨ ਵਿਭਾਗ ਦੇ ਮੌਜੂਦਾ ਭਲਾਈ ਪ੍ਰੋਗਰਾਮਾਂ ਨੂੰ ਹੋਰ ਵਧਾਉਣ, ਸਾਬਕਾ ਸੈਨਿਕਾਂ ਦੀਆਂ ਦਰਪੇਸ਼ ਚੁਣੌਤੀਆਂ ਨੂੰ ਹੱਲ ਕਰਨ ਅਤੇ ਵਧੇਰੇ ਪਹੁੰਚ ਅਤੇ ਕੁਸ਼ਲਤਾ ਲਈ ਵਿਭਾਗ ਦੇ ਟੀਚਿਆਂ ਨੂੰ ਅੱਗੇ ਵਧਾਉਣ 'ਤੇ ਕੇਂਦ੍ਰਿਤ ਸਨ।

ਮਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਦੇ ਕਰਮਚਾਰੀਆਂ ਦੀ ਨਿਰੰਤਰ ਭਲਾਈ ਅਤੇ ਸਹਾਇਤਾ ਨੂੰ ਯਕੀਨੀ ਬਣਾਉਣ ਲਈ ਨਵੀਨਤਾਕਾਰੀ ਹੱਲਾਂ ਦੀ ਲੋੜ 'ਤੇ ਜ਼ੋਰ ਦਿੱਤਾ ।

ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ, ਰੱਖਿਆ ਸੇਵਾਵਾਂ ਭਲਾਈ, ਜੇ.ਐੱਮ. ਬਾਲਾਮੁਰੂਗਨ, ਰੱਖਿਆ ਸੇਵਾਵਾਂ ਭਲਾਈ ਦੇ ਡਾਇਰੈਕਟਰ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ), ਪੈਸਕੋ ਦੇ ਮੈਨੇਜਿੰਗ ਡਾਇਰੈਕਟਰ ਮੇਜਰ ਜਨਰਲ ਹਰਮਨਦੀਪ ਸਿੰਘ (ਸੇਵਾਮੁਕਤ) ਅਤੇ ਸਮੇਤ ਸੀਨੀਅਰ ਅਧਿਕਾਰੀ ਹਾਜ਼ਰ ਸਨ।







## ਪੰਜਾਬ ਆਈ.ਟੀ.ਆਈਜ਼ ਦੇ ਦਾਖਲਿਆਂ ਵਿੱਚ 25 ਫੀਸਦ ਵਾਧਾ ਦਰਜ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਸੂਬੇ ਭਰ ਦੀਆਂ ਆਈ.ਟੀ.ਆਈਜ਼ ਵਿਖੇ ਦਾਖਲਿਆਂ ਵਿੱਚ 25 ਫੀਸਦ ਦੇ ਬੇਮਿਸਾਲ ਵਾਧੇ ਨਾਲ ਪੰਜਾਬ ਵਿੱਚ ਕਿੱਤਾਮੁਖੀ ਸਿਖਲਾਈ ਨੂੰ ਮਹੱਤਵਪੂਰਨ ਹੁਲਾਰਾ ਮਿਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਵਿੱਚ ਮੌਜੂਦਾ ਵਿ- ਦਅਕ ਵਰ੍ਹੇ ਦੌਰਾਨ ਸੂਬੇ ਭਰ ਦੀਆਂ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈਜ਼) ਵਿਖੇ ਦਾਖਲਿਆਂ ਵਿੱਚ 25 ਫੀਸਦ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ ਅਤੇ ਦਾਖ਼ਲਿਆਂ ਦੀ ਗਿਣਤੀ ਪਿਛਲੇ ਵਰ੍ਹੇ 28,000 ਤੋਂ ਵੱਧ ਕੇ ਹੁਣ 35,000 ਤੱਕ ਪਹੁੰਚ ਗਈ ਹੈ।

ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੌਜਵਾਨਾਂ ਨੂੰ ਕਿੱਤਾਮੁਖੀ ਸਿੱਖਿਆ ਦੇਣ ਲਈ ਕੰਮ ਕਰ ਰਹੀ ਤਾਂ ਜੋ ਬੇਰੁਜ਼ਗਾਰੀ ਅਤੇ ਪ੍ਰਵਾਸ ਦੀ ਸਮੱਸਿਆ ਨਾਲ ਨਜਿੱਠਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅਸੀਂ ਇਸ ਦਿਸ਼ਾ ਵਿੱਚ ਮਿਸ਼ਨ ਅਧੀਨ ਕੰਮ ਕਰ ਰਹੇ ਹਾਂ ਜਿਸ ਲਈ ਅਸੀਂ ਚਾਲੂ ਵਿੱਦਿਅਕ ਸੈਸ਼ਨ ਦੌਰਾਨ ਆਈਟੀਆਈਜ਼ ਸੀਟਾਂ ਵਧਾਈਆਂ ਹਨ ਅਤੇ ਅਗਲੇ ਵਿੱਦਿਅਕ ਸੈਸ਼ਨ ਵਿੱਚ ਸੀਟਾਂ ਦੀ ਗਿਣਤੀ ਨੂੰ ਵਧਾ ਕੇ 50,000 ਕੀਤਾ ਜਾਵੇਗਾ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਆਈ.ਟੀ.ਆਈ. ਦੇ ਦਾਖਲਿਆਂ ਵਿੱਚ ਇਹ ਸ਼ਾਨਦਾਰ ਵਾਧਾ ਸਾਡੇ ਨੌਜਵਾਨਾਂ ਵਿੱਚ ਹੁਨਰ ਅਧਾਰਤ ਸਿੱਖਿਆ ਦੀ ਵੱਧ ਰਹੀ ਮਾਨਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਇੱਥੇ ਹੀ ਰੁਕਣ ਵਾਲੇ ਨਹੀਂ ਕਿਉਂਕਿ ਅਗਲੇ ਦੋ ਸਾਲਾਂ ਵਿੱਚ ਸਾਡਾ ਟੀਚਾ 50,000 ਦਾਖਲਿਆਂ ਦੇ ਅੰਕੜੇ ਨੂੰ ਸਰ ਕਰਨਾ ਹੈ। ਉਨ੍ਹਾਂ ਕਿਹਾ ਕਿ ਅਸੀਂ ਆਈ.ਟੀ.ਆਈ. ਗ੍ਰੈਜੂਏਟਾਂ ਲਈ ਵੱਧ ਤੋਂ ਵੱਧ ਪਲੇਸਮੈਂਟ (ਰੋਜ਼ਗਾਰ ਦੇ ਮੌਕੇ) ਨੂੰ ਯਕੀਨੀ ਬਣਾਉਣ ਲਈ ਵੀ ਵਚਨਬੱਧ ਹਾਂ।

ਉਨ੍ਹਾਂ ਦੱਸਿਆ ਕਿ ਵਿਦਿਅਕ ਸੈਸ਼ਨ 2023 ਤੋਂ ਪਹਿਲਾਂ ਰਾਜ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਆਈ.ਟੀ.ਆਈਜ ਵਿਚ 28000 ਸੀਟਾਂ ਵਿਚੋਂ ਵੀ ਕਾਫੀ ਸੀਟਾਂ ਖ਼ਾਲੀ ਰਹਿ ਜਾਂਦੀਆਂ ਸਨ। ਉਨ੍ਹਾਂ ਦੱਸਿਆ ਕਿ ਅਸੀਂ ਪਹਿਲਾਂ ਇਹ ਟੀਚਾ ਮਿੱਥਿਆ ਸੀ ਵਿਦਿਅਕ ਸੈਸ਼ਨ 2023 ਦੌਰਾਨ ਆਈ.ਟੀ.ਆਈਜ਼ ਵਿਚ 100 ਫ਼ੀਸਦੀ ਦਾਖਲਿਆਂ ਨੂੰ ਯਕੀਨੀ ਬਣਾਇਆ ਜਾਵੇ ਜਿਸ ਲਈ ਕਈ ਉਪਰਾਲੇ ਕੀਤੇ ਗਏ ਜਿਸ ਦੇ ਨਤੀਜੇ ਵਜੋਂ ਸਾਨੂੰ ਇਸ ਵਿੱਦਿਅਕ ਸੈਸ਼ਨ ਦੌਰਾਨ 7000 ਸੀਟਾਂ ਵਧਾਉਣੀਆਂ ਪਈਆਂ ਹਨ।

ਸੂਬਾ ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 2024-25 ਵਿੱਦਿਅਕ ਵਰ੍ਹੇ ਲਈ 137 ਸਰਕਾਰੀ ਆਈ.ਟੀ.ਆਈਜ਼ ਵਿੱਚ ਸੀਟਾਂ ਦੀ ਗਿਣਤੀ 28,880 ਤੋਂ ਵਧਾ ਕੇ 35,000 ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਆਈ.ਟੀ.ਆਈਜ਼ ਹੁਣ ਕਰੀਅਰ ਦੇ ਵੱਖ-ਵੱਖ ਵਿਕਲਪ ਪ੍ਰਦਾਨ ਕਰਦਿਆਂ ਇੰਜੀਨੀਅਰਿੰਗ ਅਤੇ ਗੈਰ-ਇੰਜੀਨੀਅਰਿੰਗ ਸਮੇਤ 86 ਟਰੇਡਸ ਦੀ ਪੇਸ਼ਕਸ਼ ਕਰ ਰਹੀਆਂ ਹਨ। ਇਸ ਤੋਂ ਇਲਾਵਾ ਐਡੀਟਿਵ ਮੈਨੂਫੈਕਚਰਿੰਗ (3ਡੀ ਪ੍ਰਿੰਟਿੰਗ), ਇਲੈਕਟ੍ਰਿਕ ਵਹੀਕਲ ਮਕੈਨਿਕਸ, ਇੰਡਸਟ੍ਰੀਅਲ ਰੋਬੋਟਿਕਸ, ਡਿਜੀਟਲ ਮੈਨੂਫੈਕਚਰਿੰਗ ਅਤੇ ਡਰੋਨ ਤਕਨਾਲੋਜੀ ਵਰਗੇ ਅਤਿ ਆਧੁਨਿਕ ਕੋਰਸ ਵੀ ਉਪਲੱਬਧ ਕਰਵਾਏ ਗਏ ਹਨ।

ਆਈ.ਟੀ.ਆਈਜ਼ ਵਿੱਚ ਲਿੰਗ ਸਮਾਨਤਾ ਨੂੰ ਅੱਗੇ ਵਧਾਉਣ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਰੇ ਟਰੇਡਾਂ ਵਿੱਚ ਔਰਤਾਂ ਲਈ 33 ਫੀਸਦ ਰਾਖਵਾਂਕਰਨ ਲਾਗੂ ਕੀਤਾ ਗਿਆ ਹੈ, ਜਿਸ ਦੇ ਨਤੀਜੇ ਵਜੋਂ ਕਿੱਤਾਮੁਖੀ ਸਿਖਲਾਈ ਦੇ ਖੇਤਰ ਵਿੱਚ ਔਰਤਾਂ ਦੀ ਭਾਗੀਦਾਰੀ ਵਧੀ ਹੈ। ਉਨ੍ਹਾਂ ਦੱਸਿਆ ਕਿ ਮਹਿਲਾ ਆਈ.ਟੀ.ਆਈਜ਼ ਵਿੱਚ ਆਈ.ਟੀ.ਸੀ. ਲਿਮਟਿਡ ਅਤੇ ਸਵਰਾਜ ਇੰਜਣ ਲਿਮਟਿਡ ਵਰਗੀਆਂ ਪ੍ਰਮੁੱਖ ਕੰਪਨੀਆਂ ਨਾਲ ਸਾਂਝੇਦਾਰੀ ਵਿੱਚ ਕਈ ਪਾਇਲਟ ਪ੍ਰੋਗਰਾਮ ਵੀ ਸ਼ੁਰੂ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚ ਇਲੈਕਟਰੀਸ਼ੀਅਨ ਅਤੇ ਮਕੈਨਿਕ ਡੀਜ਼ਲ ਇੰਜਣ ਵਰਗੇ ਇੰਜੀਨੀਅਰਿੰਗ ਕੋਰਸ ਸ਼ਾਮਲ ਹਨ।

ਭਵਿੱਖੀ ਯੋਜਨਾਵਾਂ ਦਾ ਖੁਲਾਸਾ ਕਰਦੇ ਹੋਏ ਸ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਦਾ ਟੀਚਾ ਅਗਲੇ ਦੋ ਸਾਲਾਂ ਦੌਰਾਨ ਮਹਿਲਾ ਆਈ.ਟੀ.ਆਈਜ਼ ਵਿੱਚ ਬੈਠਣ ਦੀ ਸਮਰੱਥਾ ਨੂੰ 50,000 ਤੱਕ ਵਧਾਉਣ ਅਤੇ ਹੋਰ ਇੰਜੀਨੀਅਰਿੰਗ ਕੋਰਸ ਸ਼ੁਰੂ ਕਰਨ ’ਤੇ ਕੇਂਦਰਿਤ ਹੈ।

ਮੰਤਰੀ ਬੈਂਸ ਨੇ ਕਿਹਾ ਕਿ ਵਿਸਤ੍ਰਿਤ ਸਮਰੱਥਾ ਅਤੇ ਵਿਭਿੰਨ ਵਪਾਰਕ ਪੇਸ਼ਕਸ਼ਾਂ, ਲਿੰਗ ਸਮਾਨਤਾਵਾਂ ’ਤੇ ਸਾਡਾ ਧਿਆਨ ਕੇਂਦਰਿਤ ਕਰਨ ਕਰ ਕੇ, ਪੰਜਾਬ ਦੇ ਨੌਜਵਾਨਾਂ ਨੂੰ ਭਵਿੱਖ ਲਈ ਲੋੜੀਂਦੇ ਹੁਨਰਾਂ ਨਾਲ ਲੈਸ ਕਰਨ ਮਹੱਤਵਪੂਰਨ ਕਦਮ ਚੁੱਕਣਾ ਹੀ ਸਮੇਂ ਦੀ ਮੰਗ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਆਪਣੇ ਸੂਬੇ ਵਿੱਚ ਹੁਨਰ ਦੇ ਪਾੜੇ ਨੂੰ ਪੂਰਨ ਤੇ ਰੁਜ਼ਗਾਰ ਮੌਕਿਆਂ ਨੂੰ ਵਧਾਉਣ ਲਈ ਵਚਨਬੱਧ ਹਾਂ”।



# ਜਨਰਲ ਫੈਡਰੇਸ਼ਨ ਵਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਕਨਵੈਨਸ਼ਨ

## ਜਨਰਲ ਭਲਾਈ ਕਮਿਸ਼ਨ ਨੂੰ ਸੁਚਾਰੂ ਰੂਪ ਵਿਚ ਚਾਲੂ ਕੀਤਾ ਜਾਵੇ ਅਤੇ ਰਾਖਵਾਂ ਕਰਨ ਸਬੰਧੀ ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਲਾਗੂ ਕੀਤੇ ਜਾਣ :ਰਟੋਲ

ਪਟਿਆਲਾ, 1 ਅਕਤੂਰ (ਪੋਸਟ ਬਿਊਰੋ):ਬੀਤੇ ਦਿਨੀਂ ਜਨਰਲ ਕੈਟਾਗਰੀ ਵੈਲਫੇਅਰ ਫੈਡਰੇਸ਼ਨ ਪੀ.ਐਸ.ਈ.ਬੀ, (ਪੀਐਸਪੀਸੀਐਲ/ਪੀਐਸਟੀਸੀਐਲ, ਪੰਜਾਬ ਵਲੋਂ ਪਟਿਆਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ 117ਵੇਂ ਜਨਮ ਦਿਵਸ ਨੂੰ ਸਮਰਪਿਤ ਵਿਸ਼ਾਲ ਕਨਵੈਨਸ਼ਨ ਕਰਵਾਈ ਗਈ। ਇਸ ਕਨਵੈਨਸ਼ਨ ਵਿੱਚ ਸਾਬਕਾ ਕੈਬਨਿਟ ਮੰਤਰੀ ਅਤੇ ਐਮਐਲਏ ਸਮਾਣਾ ਸ੍ਰ: ਚੇਤਨ ਸਿੰਘ ਜ਼ੋੜਮਾਜਰਾ ਵਲੋਂ ਬਤੌਰ ਮੁੱਖ ਮਹਿਮਾਨ ਸਿਰਕਤ ਕੀਤੀ ।ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਆਗੂਆਂ ਵਲੋਂ ਸ਼ਹੀਦ ਭਗਤ ਸਿੰਘ ਅਤੇ ਅਜ਼ਾਦੀ ਦੇ ਪ੍ਰਵਾਨਿਆਂ ਵਲੋਂ ਕੀਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ ਅਤੇ ਜਨਰਲ ਅਤੇ ਪਛੜੇ ਵਰਗ ਨੂੰ ਦਰਪੇਸ਼ ਮੁਸ਼ਕਲਾਂ ਅਤੇ ਮਸਲਿਆਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਕੰਨਵੈਸ਼ਨ ਵਿੱਚ ਵੱਡੀ ਗਿਣਤੀ ਵਿੱਚ ਮੁਲਾਜਮਾਂ, ਵਪਾਰੀਆਂ, ਕਿਸਾਨਾਂ ਅਤੇ ਵਿਦਿਆਰਥੀਆਂ ਵਲੋਂ ਸਿਰਕਤ ਕੀਤੀ ਗਈ ।

ਇਸ ਮੌਕੇ ਫੈਡਰੇਸ਼ਨ ਦੇ ਪ੍ਰਧਾਨ ਕੁਲਜੀਤ ਸਿੰਘ ਰਟੌਲ ਨੇ ਕਿਹਾ ਕਿ ਸਾਨੂੰ ਸ਼ਹੀਦ ਭਗਤ ਸਿੰਘ ਅਤੇ ਹੋਰਨਾਂ ਸਹੀਦਾਂ ਵਲੋਂ ਕੀਤੀਆਂ ਗਈਆਂ ਕੁਰਬਾਨੀਆਂ ਨੂੰ ਹਮੇਸਾਂ ਹੀ ਯਾਦ ਰੱਖਣਾ ਚਾਹੀਦਾ ਹੈ ਅਤੇ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਵੀ ਇਹਨਾਂ ਸੂਰਮਿਆਂ ਦੀ ਕੁਰਬਾਨੀ ਬਾਰੇ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਜ਼ੋ ਇਹਨਾਂ ਵਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਨੂੰ ਸਾਡੀਆਂ ਆਉਣ ਵਾਲੀਆਂ ਪੀੜੀਆਂ ਯਾਦ ਰੱਖਣ।

ਇਸ ਮੌਕੇ ਸੁਖਪ੍ਰੀਤ ਸਿੰਘ ਅਤੇ ਹਰਗੁਰਮੀਤ ਸਿੰਘ ਵਲੋਂ ਕਿਹਾ ਕਿ ਪਿਛਲੀ ਸਰਕਾਰ ਵਲੋਂ ਸਾਲ 2021 ਦੌਰਾਨ ਜਨਰਲ ਵਰਗ ਦੀ ਭਲਾਈ ਲਈ ਰਿਜਰਵ ਕੈਟਾਗਰੀਆਂ ਦੀ ਤਰਜ਼ ਤੇ ਕਮਿਸ਼ਨ ਸਥਾਪਿਤ ਕੀਤਾ ਗਿਆ ਸੀ ਪਰੰਤੂ ਮੌਜੂਦਾ ਪੰਜਾਬ ਸਰਕਾਰ ਵਲੋਂ ਲਮਾਂ ਸਮਾਂ ਬੀਤ ਜਾਣ ਤੇ ਵੀ ਹਾਲੇ ਤੱਕ ਜਨਰਲ ਕਮਿਸ਼ਨ ਦਾ ਚੇਅਰਮੈਨ ਅਤੇ ਹੋਰ ਅਮਲਾ ਤੈਨਾਤ ਨਹੀਂ ਕੀਤਾ ਗਿਆ, ਜਿਸ ਕਾਰਨ ਜਨਰਲ ਵਰਗ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਇਸ ਲਈ ਪੰਜਾਬ ਸਰਕਾਰ ਤੋਂ ਇਹ ਮੰਗ ਕੀਤੀ ਗਈ ਕਿ ਜਨਰਲ ਭਲਾਈ





ਕਮਿਸ਼ਨ ਦਾ ਚੇਅਰਮੈਨ ਅਤੇ ਬਾਕੀ ਦੇ ਮੈਬਰਾਂ ਸਮੇਤ ਬਣਦਾ ਅਮਲਾ ਤੈਨਾਤ ਕਰਕੇ ਕਮਿਸਨ ਦਾ ਕੰਮ ਸੰਚਾਰੂ ਢੰਗ ਨਾਲ ਚਾਲੂ ਕੀਤਾ ਜਾਵੇ।

ਆਗੂਆਂ ਵਲੋਂ ਇਹ ਵੀ ਮੰਗ ਕੀਤੀ ਕਿ ਮਾਨਯੋਗ ਸੁਪਰੀਮ ਕੋਰਟ ਵਲੋਂ ਐਮ ਨਾਗਰਾਜ਼ ਅਤੇ ਜਰਨੈਲ ਸਿੰਘ ਕੇਸਾਂ ਵਿੱਚ ਰਾਖਵਾਂਕਰਨ ਬਾਰੇ ਦਿੱਤੇ ਫੈਸਲਿਆਂ ਨੂੰ ਇੰਨ-ਬਿੰਨ ਲਾਗੂ ਕਰਦੇ ਹੋਏ ਅਨੁਸੂਚਿਤ ਜਾਤੀ ਵਰਗ ਵਿੱਚ ਵੀ ਪਛੜੀਆਂ ਸ਼੍ਰੇਣੀਆਂ ਵਾਂਗ ਕਰੀਮੀ ਲੇਅਰ ਬਾਰੇ ਆਮਦਨ ਦੀ ਸੀਮਾਂ ਅਤੇ ਸ਼ਰਤਾਂ ਤਹਿ ਕੀਤੀਆਂ ਜਾਣ ਤਾਂ ਜ਼ੋ ਰਾਖਵਾਂਕਰਨ ਦਾ ਲਾਭ ਅਸਲ ਵਿੱਚ ਗਰੀਬ ਅ:ਜਾਤੀ ਲੋਕਾਂ ਨੂੰ ਮਿਲ ਸਕੇ । ਜਨਰਲ ਵਰਗ ਨਾਲ ਜਾਤੀ ਅਧਾਰਤ ਵਿਤਕਰਾ ਬੰਦ ਕੀਤਾ ਜਾਵੇ ਅਤੇ ਸਕੂਲਾਂ ਕਾਲਜ਼ਾਂ ਵਿਚ ਰਿਜ਼ਰਵ ਕੈਟਾਗਰੀਆਂ ਦੇ ਬੱਚਿਆਂ ਨੂੰ ਮਿਲਦੀਆਂ ਸਹੂਲਤਾਂ ਜਨਰਲ ਵਰਗ ਦੇ ਗਰੀਬ ਪ੍ਰੀਵਾਰਾਂ ਦੇ ਬੱਚਿਆਂ ਨੂੰ ਵੀ ਮੁਹੱਈਆ ਕਰਵਾਈਆਂ ਜਾਣ। ਸ੍ਰੀ ਗੁਰਮੀਤ ਸਿੰਘ ਬਾਗੜੀ ਅਤੇ ਅਸ਼ੋਕ ਚੋਪੜਾ ਵਲੋਂ ਆਖਿਆ ਗਿਆ ਕਿ ਜਨਰਲ ਵਰਗ ਦੇ ਬੱਚਿਆਂ ਨੂੰ ਰੁਜਗਾਰ ਨਾ ਮਿਲਣ ਕਾਰਨ ਅੱਜ ਉਹ ਲੱਖਾਂ ਰੁਪਏ ਖਰਚ ਕੇ ਵਿਦੇਸਾਂ ਨੂੰ ਜਾ ਰਹੇ ਹਨ । ਇੱਕ ਅੰਕੜੇ ਮੁਤਾਬਕ ਪੰਜਾਬ ਵਾਸੀਆਂ ਦਾ ਹਰ ਸਾਲ ਲਗਭਗ 25000 ਕਰੋੜ ਰੁਪਇਆ ਬੱਚਿਆਂ ਨੂੰ ਵਿਦੇਸਾਂ ਵਿੱਚ ਪੜ੍ਹਨ ਲਈ ਭੇਜਣ ਤੇ ਖਰਚ ਹੋ ਰਿਹਾ ਹੈ ।

ਫੈਡਰੇਸ਼ਨ ਆਗੂ ਜ਼ਸਵੰਤ ਸਿੰਘ ਧਾਲੀਵਾਲ ਅਤੇ ਸਪੋਕਸ ਪਰਸਨ ਸ੍ਰੀ ਵਿਨੋਦ ਗੁਪਤਾ ਵਲੋਂ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਨਰਲ ਵਰਗ ਨੂੰ ਸਿੱਧੀ ਭਰਤੀ ਸਮੇਂ ਬਣਦੀਆਂ ਸੀਟਾਂ ਨਹੀਂ ਮਿਲਦੀਆਂ। ਜਨਰਲ ਸੀਟਾਂ ਤੇ ਬਹੁਤ ਸਾਰੇ ਰਿਜ਼ਰਵ ਕੈਟਾਗਰੀਆਂ ਅਤੇ ਬਾਹਰਲੇ ਸੁਬਿਆਂ ਦੇ ਉਮੀਦਵਾਰ ਤੈਨਾਤ ਹੋ ਜਾਂਦੇ ਹਨ ਇਸ ਨਾਲ ਜਨਰਲ ਕੈਟਾਗਰੀ ਨੂੰ 15-20% ਅਸਾਮੀਆਂ ਹੀ ਮਿਲਦੀਆਂ ਹਨ। ਫੈਡਰੇਸ਼ਨ ਵਲੋਂ ਵਿਧਾਇਕ ਜੌੜੇਮਾਜ਼ਰਾ ਨੂੰ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ ਗਿਆ ਜਿਸ ਰਾਹੀਂ ਮੰਗ ਕੀਤੀ ਕਿ ਸਿੱਧੀ ਭਰਤੀ ਸਮੇਂ ਉਮੀਦਵਾਰ ਜਿਸ ਕੈਟਾਗਰੀ ਵਿਚ ਅਪਲਾਈ ਕਰੇ ਉਸ ਨੂੰ ਉਸੇ ਕੈਟਾਗਰੀ ਵਿਚ ਗਿਣਿਆ ਜਾਵੇ।ਜਨਰਲ ਭਲਾਈ ਕਮਿਸ਼ਨ ਨੂੰ ਸੁਚਾਰੂ ਰੂਪ ਵਿਚ ਚਾਲੂ ਕੀਤਾ ਜਾਵੇ, ਏ ਅਤੇ ਬੀ ਕੈਟਾਗਰੀਆਂ ਦੀਆਂ ਅਸਾਮੀਆਂ ਵਿਚ ਵੀ ਦਸਵੀਂ ਪੱਧਰ ਦੀ ਪੰਜਾਬੀ ਪਾਸ ਦੀ ਸ਼ਰਤ ਲਾਜ਼ਮੀ ਕੀਤੀ ਜਾਵੇ। ਭਰਤੀ ਲਈ ਲਏ ਜਾਂਦੇ ਲਿਖਤੀ ਟੈਸਟਾਂ ਵਿਚ ਸਿਲੈਕਸ਼ਨ ਲਿਸਟ ਲਈ ਪੰਜਾਬੀ ਵਿਸ਼ੇ ਦੇ ਨੰਬਰ ਵੀ ਸ਼ਾਮਲ ਕੀਤੇ ਜਾਣ ਤਾਂ ਜੋ ਜਨਰਲ ਵਰਗ ਨੂੰ ਬਣਦੀਆਂ ਸੀਟਾਂ ਮਿਲ ਸਕਣ ਅਤੇ ਬਾਹਰਲੇ ਸੁਬਿਆਂ ਦੇ ਉਮੀਦਵਾਰਾਂ ਦੀ ਜਨਰਲ ਸੀਟਾਂ ਤੇ ਭਰਤੀ ਤੇ ਕੰਟਰੋਲ ਕੀਤਾ ਜਾ ਸਕੇ। ਆਗੂਆਂ ਵਲੋਂ ਇਹ ਵੀ ਮੰਗ ਕੀਤੀ ਕਿ ਸਿੱਧੀ ਭਰਤੀ ਦੌਰਾਨ ਪੰਜਾਬ ਦੇ ਉਮੀਦਵਾਰਾਂ ਲਈ 75% ਅਸਾਮੀਆਂ ਸੁਰੱਖਿਅਤ ਕਰਨ ਲਈ ਸਟੇਟ ਕੋਟਾ ਫਿਕਸ ਕੀਤਾ ਜਾਵੇ। ਇਸ ਮੌਕੇ ਜਨਰਲ ਫੈਡਰੇਸ਼ਨ ਆਗੂ ਸ਼ਿਆਮ ਲਾਲ ਸ਼ਰਮਾਂ, ਫੈਡਰੇਸ਼ਨ ਆਗੂ ਗੁਰਦੀਪ ਸਿੰਘ ਟਿਵਾਣਾ, ਕੰਚਨ ਕੁਮਾਰ, ਪ੍ਰਵੀਨ ਕੁਮਾਰ, ਮਨਮੋਹਿੰਦਰ ਕੌਰ ਢਿੱਲੋਂ, ਰਜਿੰਦਰ ਸ਼ਰਮਾਂ, ਅਮਿਤ ਕੁਮਾਰ, ਮੁਕੇਸ ਸਿੰਗਲਾ, ਜਤਿੰਦਰ ਕੁਮਾਰ, ਕ੍ਰਿਸਨ ਕੁਮਾਰ, ਇੰਜ: ਜ਼ਸਵਿੰਦਰ ਰਾਮ, ਜਨਰਲ ਦੁਆਬਾ ਫਰੰਟ ਦੇ ਪ੍ਰਧਾਨ ਬਲਬੀਰ ਸਿੰਘ ਫੁਗਲਾਣਾ, , ਹਰਿੰਦਰ ਗੁਪਤਾ ਸੂਬਾ ਪ੍ਰਧਾਨ ਭਾਰਤ ਵਿਕਾਸ ਪ੍ਰੀਸਦ, ਪਵਨ ਗੋਇਲ, ਸੋਹਿੰਦਰ ਕਾਂਸਲ, ਜਨਰਲ ਅਧਿਆਪਕ ਮੰਚ ਦੇ ਪ੍ਰਧਾਨ ਮਨੋਜ਼ ਘਈ, ਸ੍ਰੀ ਪ੍ਰਵੀਨ ਸ਼ਰਮਾਂ, ਪੰਜਾਬੀ ਯੂਨੀਵਰਸਿਟੀ ਦੇ ਪ੍ਰਧਾਨ ਸੁਖਵੀਰਪਾਲ ਸਿੰਘ, ਹਰੀਸਵਰ ਸ਼ਰਮਾਂ ਅਤੇ ਹੋਰਨਾਂ ਵਲੋਂ ਵਿਚਾਰ ਪੇਸ਼ ਕੀਤੇ ਗਏ ।

ਕਨਵੈਨਸ਼ਨ ਦੇ ਮੁੱਖ ਮਹਿਮਾਨ ਸ੍ਰ: ਚੇਤਨ ਸਿੰਘ ਜ਼ੋੜਮਾਜਰਾ ਵਲੋਂ ਇਸ ਮੌਕੇ ਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਵਿਚਾਰਧਾਰਾ ਬਾਰੇ ਵਿਸਥਾਰ ਸਾਹਿਤ ਵਿਚਾਰ ਸਾਂਝੇ ਕੀਤੇ। ਇਹ ਭਰੋਸਾ ਦਿੱਤਾ ਕਿ ਉਹ ਜਨਰਲ ਜਥੇਬੰਦੀਆਂ ਦੇ ਮਸਲੇ ਮਾਨਯੋਗ ਮੁੱਖ ਮੰਤਰੀ ਦੇ ਧਿਆਨ ਵਿਚ ਲਿਆਉਣਗੇ ਅਤੇ ਫੈਡਰੇਸ਼ਨ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਨਗੇ।

# ਨੌਜਵਾਨ ਪੀੜ੍ਹੀ ਦਾ ਅੰਤ



ਨੌਜਵਾਨ ਪੀੜ੍ਹੀ ਦਾ ਅੰਤ ਜਲਦੀ ਹੀ ਹੋ ਰਿਹਾ ਹੈ। ਪੰਜਾਬ ਦੇ ਹਰ ਵਰਗ ' ਚ ਨਸ਼ਾ ਵਿਕਾਊ ਸ਼ਰ੍ਹੇਆਮ ਚੱਲਦਾ ਹੈ ਜਿੱਥੇ ਪੁਲਿਸ ਪ੍ਰਸ਼ਾਸ਼ਨ ਹੱਥ ਉੱਤੇ ਹੱਥ ਧਰ ਗਲੀਆਂ ਵਿੱਚ ਘੁੰਮਣਘੇਰੀ ਕਰ ਰਹੀ ਹੈ। ਜਿਸ ਥਾਂ ਤੋਂ ਨਸ਼ਾ ਤਸਕਰ ਨੂੰ ਫੜ੍ਹਿਆ ਜਾ ਸਕਦਾ ਹੈ ਉਸ ਥਾਂ ਜਾਣ ਦਾ ਪੁਲਿਸ ਕੋਲ਼ ਵਕ਼ਤ ਨਹੀਂ ਹੈ। ਸਰਕਾਰਾਂ ਦੇ ਬੋਲ ਮੁਤਾਬਿਕ ਦੁਕਾਨਾਂ ਦੇ ਅੱਗੇ ਲੱਗੇ ਬੋਰਡ ਹਟਾਉਣ ਦਾ ਕੰਮ ਪੁਲਿਸ ਪ੍ਰਸ਼ਾਸ਼ਨ ਬਾਖ਼ੂਬੀ ਕਰਨਾ ਜਾਣਦੀ ਹੈ। ਇੱਥੋਂ ਹੀ ਗੱਲ ਖ਼ਤਮ ਨਹੀਂ ਹੁੰਦੀ.. ਫ਼ਾਲਤੂ ਦੀ ਬਹਿਸ ਬਸਾਈ ਤੇ ਬੇਗੁਨਾਹਾਂ ਉੱਤੇ ਝੂਠੇ ਪਰਚੇ ਆਮ ਤੌਰ ' ਤੇ ਪੁਲਿਸ ਪ੍ਰਸ਼ਾਸ਼ਨ ਕਰਦੀ ਨਜ਼ਰ ਵੀ ਆਉਂਦੀ ਹੈ। ਜਿੱਥੇ ਹਰ ਘਰ ਦਾ ਦੀਵਾ ਬੁੱਝ ਰਿਹਾ ਹੈ ਉੱਥੇ ਪੁਲਿਸ ਨੂੰ ਆਪਣੀ ਡਿਊਟੀ ਨਜ਼ਰ ਨਹੀਂ ਆਉਂਦੀ ਹੈ। ਸਰਕਾਰਾਂ ਦੇ ਬਿਆਨ ਕਿੰਨੇ ਸਹੀ ਹਨ ਕਿੰਨੇ ਗਲਤ ਇਸਦਾ ਪਤਾ ਲਗਾਉਣ ਦੀ ਕੋਈ ਲੋੜ ਨਹੀਂ...ਜਿੱਥੇ ਨਸ਼ਾ ਤਸਕਰ ਨੂੰ ਖੁੱਲ੍ਹ ਹੋਵੇ ਉੱਥੇ ਸਰਕਾਰਾਂ ਦਾ ਰਲਿਆ ਮਿਲਿਆ ਰਹਿਣਾ ਨਜਾਇਜ਼ ਹੈ। ਇਸ ਲਈ ਸਰਕਾਰਾਂ ਵੱਲ ਤੰਦ ਕੱਸਣ ਨਾਲੋਂ ਚੰਗਾ ਹੈ ਆਪਣੀ ਇੱਕ ਲਹਿਰ ਬਣਾਓ ਕਿ ਪੰਜਾਬ ਦੇ ਇੱਕ ਪਿੰਡ ਤੋਂ ਨਸ਼ਾ ਮੁੱਕੇ ਤੇ ਸਾਰੇ ਪਿੰਡ ਇੱਕ ਹੋ ਜਾਵਣ। ਜਿਸ ਨਾਲ ਪੰਜਾਬ ਦੇ ਹਰ ਵਰਗ ' ਚ ਨਸ਼ਾ ਤਸਕਰ ਖ਼ਤਮ ਹੋ ਜਾਵੇਗਾ।

ਨਸ਼ਿਆਂ ਦਾ ਦੌਰ ਤਾਂ ਮੁੱਦਤਾਂ ਤੋਂ ਚੱਲਦਾ ਆ ਰਿਹਾ ਹੈ ਤੇ ਸਰਕਾਰਾਂ ਦੇ ਬੋਲਾਂ ਵਿੱਚ ਰੋਜ਼ ਆ ਸੁਣਨ ਵਿੱਚ ਆਉਂਦਾ ਹੈ ਕਿ ਨਸ਼ਾ ਤਸਕਰਾਂ ਉੱਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਵੀ ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ। ਹੁਣ ਤੱਕ ਇਹੋ ਜਾ ਕੁਝ ਵੀ ਨਹੀਂ ਹੋਇਆ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਬਚੀ ਹੋ। ਸ਼ਰਾਬ ਦੇ ਠੇਕੇ ਸ਼ਰ੍ਹੇਆਮ ਚੱਲਦੇ ਹਨ ਤੇ ਹਰ ਥਾਂ ਨਸ਼ਾ ਤਸਕਰ ਖੜ੍ਹਾ ਹੈ। ਜਦੋਂ ਇਹ ਸਭ ਸ਼ਰ੍ਹੇਆਮ ਚੱਲ ਰਿਹਾ ਹੈ ਤਾਂ ਫਿਰ ਇਸਨੂੰ ਰੋਕਿਆ ਕਿਉਂ ਨਹੀਂ ਜਾਂਦਾ ਹੈ। ਸ਼ਰਾਬ ਦੇ ਠੇਕੇ ਸੁਣਨ ਵਿੱਚ ਆਇਆ ਹੈ ਕਿ ਸਰਕਾਰਾਂ ਵੱਲੋਂ ਹੀ ਨਿਯੁੱਕਤ ਕੀਤੇ ਜਾਂਦੇ ਹਨ ਜਿਹਨਾਂ ਕੋਲ਼ ਬਕਾਇਦਾ ਲਾਇਸੈਂਸ ਹੁੰਦਾ ਹੈ। ਜੋ ਸਮਾਜ ਲਈ ਗੰਦਗੀ ਹੈ ਤੇ ਇਨਸਾਨ ਦੇ ਜਿਊਣਯੋਗ ਨਹੀਂ ਹੈ ਇਸਨੂੰ ਬੰਦ ਕਰਵਾ ਦੇਣਾ ਚਾਹੀਦਾ ਹੈ। ਜੋ ਸਰਕਾਰਾਂ ਨੇ ਫ਼ਾਲਤੂ ਦੇ ਲਾਇਸੈਂਸ ਤਿਆਰ ਕੀਤੇ ਹਨ ਜਿਹਨਾਂ ਨਾਲ ਇਨਸਾਨ ਦੀ ਮੌਤ ਹੈ ਉਸਨੂੰ ਰੱਦ ਕਰ ਦੇਣਾ ਚਾਹੀਦਾ ਹੈ। ਸਮਾਜ ਵਿੱਚ ਇਸਦਾ ਅਸਰ ਸਭ ਤੋਂ ਬੁਰਾ ਹੈ।

ਸਰਕਾਰਾਂ ਦੇ ਆਦੇਸ਼ ਮੁਤ-ਾਬਿਕ ਕੋਈ ਵੀ ਕੰਮ ਸਾਲੋਂ ਸਾਲ ਨਹੀਂ ਚੱਲਦਾ ਹੈ। ਸਰਕਾਰਾਂ ਦੇ ਬਣਾਏ ਨਿਯਮ ਇੱਕ ਦੋ ਦਿਨ ਲਈ ਬਰਕਰਾਰ ਰਹਿੰਦੇ ਹਨ ਤੇ ਤੀਜੇ ਦਿਨ ਜਾ ਬਦਲ ਜਾਂਦੇ ਹਨ। ਸਰਕਾਰ ਤਾਂ ਆਪ ਨਿਯਮ ਅਨੁਸਾਰ ਨਹੀਂ ਚੱਲਦੀ ਫਿਰ ਕਿਵੇਂ ਸਰਕਾਰ ਨੌਜਵਾਨ ਪੀੜ੍ਹੀ ਨੂੰ ਬਚਾ ਲਵੇਗੀ। ਪੁਲਿਸ ਅਫ਼ਸਰ ਮਹਿਲਾਂ ਜੋ ਕਿ ਇੱਕ ਵੱਡੀ ਅਫ਼ਸਰ ਹੈ। ਜਿਸਨੂੰ ਸਰਕਾਰ ਵੱਲੋਂ ਕਿਹਾ ਜਾਂਦਾ ਹੈ ਕਿ ਸਮਾਜ ਵਿੱਚ ਗ਼ੈਰ ਕਾਨੂੰਨੀ ਕੰਮ ਨੂੰ ਬੰਦ ਕੀਤਾ ਜਾਵੇ। ਉਹ ਆਪਣੀ ਡਿਊਟੀ ਨਿਭਾਉਣ ਲਈ ਤੀਹ ਤੋਂ ਚਾਲੀ ਪੁਲਿਸ ਬਲ ਲੈ ਕੇ ਤੁਰ ਪੈਂਦੀ ਹੈ। ਜੋ ਵੀ ਦੁਕਾਨਦਾਰ ਆਪਣੀ ਰੋਜ਼ੀ ਰੋਟੀ ਉੱਤੇ ਬੈਠਾ ਹੁੰਦਾ ਹੈ ਉਸਦੀ ਦੁਕਾਨ ਨੂੰ ਉਜਾੜ ਕੇ ਕਹਿ ਦਿੱਤਾ ਜਾਂਦਾ ਹੈ ਕਿ ਆਉਂਦੇ ਜਾਂਦੇ ਪ੍ਰਸ਼ਾਸ਼ਨ ਨੂੰ ਪ੍ਰੇਸ਼ਾਨੀ ਹੁੰਦੀ ਹੈ ਤੇ ਇਹ ਗ਼ੈਰ ਕਾਨੂੰਨੀ ਹੈ। ਸੜਕ ਦੇ ਕਿਨਾਰੇ ਉੱਤੇ ਕਿਸੇ ਦਾ ਵੀ ਰੇਹੜੀ ਠੇਲਾ ਨਹੀਂ ਹੋਣਾ ਚਾਹੀਦਾ ਹੈ।

ਪੁਲਿਸ ਪ੍ਰਸ਼ਾਸ਼ਨ ਦੀ ਸਖ਼ਤੀ ਵੇਖ ਦੁਕਾਨਦਾਰਾਂ ਵਿੱਚ ਭਾਰੀ ਹੰਗਾਮਾ ਵੀ ਹੁੰਦਾ ਹੈ ਤੇ ਤਿੱਖੀ ਬਹਿਸ ਵੀ ਹੁੰਦੀ ਹੈ। ਪੁਲਿਸ ਅਫ਼ਸਰ ਆਪਣਾ ਪੂਰਾ ਜੋਰ ਲਗਾਉਂਦੇ ਹਨ ਤੇ ਨਜ਼ਾਇਜ ਕਾਰਵਾਈ ਵੀ ਕਰਦੇ ਹਨ। ਗ਼ਰੀਬ ਦੁਕਾਨਦਾਰ ਹੱਥ ਜੋੜਦੇ ਵੀ ਹਨ ਪਰ ਪੁਲਿਸ ਕਿਸੇ ਦੀ ਨਹੀਂ ਸੁਣਦੀ। ਜੋ ਥਾਂ ਨਸ਼ਾ ਤਸਕਰ ਨੇ ਲਈ ਹੈ ਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਖ਼ਤਮ ਕਰ ਰਹੀ ਹੈ ਉਸਨੂੰ ਰੋਕਣ ਦੀ ਥਾਂ ਪੁਲਿਸ ਬੇਗੁਨਾਹਾਂ ' ਤੇ ਪਰਚੇ ਪਾਉਂਦੀ ਹੈ। ਜਿਸਦੇ ਚੱਲਦੇ ਆਮ ਲੋਕਾਂ ਨੂੰ ਵਧੇਰੇ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਨਸ਼ੇ ਨੇ ਨੌਜਵਾਨ ਪੀੜ੍ਹੀ ਨੂੰ ਖੋਖਲਾ ਕਰ ਦਿੱਤਾ ਹੈ। ਜਿਸ ਕਰਕੇ ਉਹ ਦਿਨਦਿਹਾੜੇ ਕਿਸੇ ਵੀ ਔਰਤ ਤੋਂ ਸੋਨਾ,ਚਾਂਦੀ ਖੋਹ ਫ਼ਰਾਰ ਹੋ ਜਾਂਦੇ ਹਨ। ਜਿਹਨਾਂ ਨੂੰ ਪੁਲਿਸ ਦਾ ਕੋਈ ਖੌਫ ਵੀ ਨਹੀਂ ਹੁੰਦਾ ਹੈ। ਨਸ਼ਾ ਤਸਕਰਾਂ ਦਾ ਇੰਝ ਪੰਜਾਬ ਵਿੱਚ ਪੈਦਾ ਹੁੰਦਾ ਰਹਿਣਾ ਹੀ ਨੌਜਵਾਨ ਪੀੜ੍ਹੀ ਦਾ ਅੰਤ ਹੈ। ਜਿਸ ਥਾਂ ਨਸ਼ਾ ਰੋਕ ਦੀ ਆਵਾਜ਼ ਚੁੱਕੀ ਜਾਂਦੀ ਹੈ ਉਸ ਆਵਾਜ਼ ਨੂੰ ਦਬਾ ਦਿੱਤਾ ਜਾਂਦਾ ਹੈ ਤੇ ਉਸ ਉੱਤੇ ਝੂਠੀ ਕਾਰਵਾਈ ਕੀਤੀ ਜਾਂਦੀ ਹੈ। ਜਿਸ ਤਰ੍ਹਾਂ ਪੁਲਿਸ ਪ੍ਰਸ਼ਾਸ਼ਨ ਕੰਮ ਕਰ ਰਿਹਾ ਹੈ ਉਸ ਤਰ੍ਹਾਂ ਕਦੇ ਪੰਜਾਬ ਨਸ਼ਾ ਮੁਕਤ ਨਹੀਂ ਹੋ ਸਕਦਾ। ਜੋ ਸਰਕਾਰ ਦੇ ਫ਼ੈਸਲੇ ਹਨ ਉਸ ਵਿੱਚ ਕੋਈ ਖ਼ਾਸ ਨਤੀਜ਼ਾ ਨਜ਼ਰ ਨਹੀਂ ਆਉਂਦਾ ਹੈ। ਉਹਨਾਂ ਦੇ ਫ਼ੈਸਲਿਆਂ ਵਿੱਚ ਨਸ਼ਾ ਤਸਕਰਾਂ ਨੂੰ ਪੂਰੀ ਖੁੱਲ੍ਹ ਲੱਗਦੀ ਹੈ ਤੇ ਦੂਜੇ ਪਾਸੇ ਹਰ ਦੁਕਾਨਦਾਰ ਨੂੰ ਭਾਰੀ ਮੁਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਵਿੱਚ ਉਹਨਾਂ ਦਾ ਵਧੇਰੇ ਨੁਕਸਾਨ ਵੀ ਹੁੰਦਾ ਹੈ। ਪੰਜਾਬ ਦੇ ਹਰ ਕਸਬੇ ਵਿੱਚੋਂ ਨਸ਼ਾ ਮੁਕਤ ਦੀ ਆਵਾਜ਼ ਚੁੱਕਣੀ ਚਾਹੀਦੀ ਹੈ ਤੇ ਪੁਲਿਸ ਪ੍ਰਸ਼ਾਸ਼ਨ ਦੀ ਤਾਨਾਸ਼ਾਹੀ ਨੂੰ ਰੋਕ ਕੇ ਉਹਨਾਂ ਨੂੰ ਖ਼ਾਸ ਨਸ਼ਾ ਤਸਕਰਾਂ ਨੂੰ ਫੜ੍ਹਨ ਦਾ ਫ਼ਰਜ਼ ਦੱਸਣਾ ਚਾਹੀਦਾ ਹੈ।



ਗੌਰਵ ਧੀਮਾਨ
ਚੰਡੀਗੜ੍ਹ ਜ਼ੀਰਕਪੁਰ
ਸੰਪਰਕ:
7626818016

# ਲੁਧਿਆਣਾ ਦਾ ਘੁੰਗਰਾਲੀ ਬਾਇਓਗੈਸ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ, ਮੁੱਖ ਮੰਤਰੀ ਨੇ ਦਿੱਤਾ ਭਰੋਸਾ

## * ਮੁੱਖ ਮੰਤਰੀ ਨੇ ਪਿੰਡ ਵਾਸੀਆਂ ਨਾਲ ਟੈਲੀਫੋਨ 'ਤੇ ਕੀਤੀ ਗੱਲਬਾਤ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਲੁਧਿਆਣਾ ਦੇ ਪਿੰਡ ਘੁੰਗਰਾਲੀ ਵਿਖੇ ਸਥਾਪਿਤ ਹੋ ਰਿਹਾ ਬਾਇਓਗੈਸ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ।



ਪਿੰਡ ਵਾਸੀਆਂ ਨਾਲ ਟੈਲੀਫੋਨ 'ਤੇ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਪ੍ਰਦੂਸ਼ਣ ਨੂੰ ਰੋਕਣ ਲਈ ਵਚਨਬੱਧ ਹੈ ਅਤੇ ਪ੍ਰਦੂਸ਼ਣ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਗਈ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਸਪੱਸ਼ਟ ਤੌਰ 'ਤੇ ਜਾਣੂ ਕਰਵਾਇਆ ਕਿ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ ਅਤੇ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕਿਸੇ ਨੂੰ ਵੀ ਪ੍ਰਦੂਸ਼ਣ ਨਹੀਂ ਫੈਲਾਉਣ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਇਸ ਦਾ ਉਲੰਘਣ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਦੱਸਿਆ ਕਿ ਪਲਾਂਟ ਮਾਲਕਾਂ ਨੇ ਸੂਬਾ ਸਰਕਾਰ ਨਾਲ ਲਿਖਤੀ ਸਮਝੌਤਾ ਕੀਤਾ ਹੈ ਕਿ ਉਨ੍ਹਾਂ ਦਾ ਪਲਾਂਟ ਵਾਤਾਵਰਨ ਸਬੰਧੀ ਸਾਰੇ ਨਿਯਮਾਂ ਦੀ ਪਾਲਣਾ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਾਤਾਵਰਣ ਦੇ ਨਿਯਮਾਂ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਪੂਰੀ ਤਰ੍ਹਾਂ ਨਾਲ ਗੈਰ-ਵਾਜਬ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਪਲਾਂਟ ਨੂੰ ਮੁੜ ਚਾਲੂ ਕਰਨ ਲਈ ਸੂਬਾ ਸਰਕਾਰ ਨੂੰ ਸਹਿਯੋਗ ਕਰਨ ਲਈ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਆਪਣੀ ਸਕਾਰਾਤਮਕ ਪਹੁੰਚ ਸਦਕਾ ਪਿੰਡ ਵਾਸੀਆਂ ਨੇ ਸਰਕਾਰ ਦੇ ਕੰਮਕਾਜ ਵਿੱਚ ਪੂਰਨ ਤੌਰ ਉਤੇ ਜਨਤਕ ਸਹਿਯੋਗ ਕਰਨ ਦੀ ਨਵੀਂ ਮਿਸਾਲ ਕਾਇਮ ਕੀਤੀ। ਭਗਵੰਤ ਸਿੰਘ ਮਾਨ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਛੇਤੀ ਹੀ ਪਿੰਡ ਵਿੱਚ ਹੋਣ ਵਾਲੇ ਖੇਡ ਮੇਲੇ ਵਿੱਚ ਸ਼ਿਰਕਤ ਕਰਨਗੇ।

# ਹਰਜੋਤ ਸਿੰਘ ਬੈਂਸ ਵੱਲੋਂ ਸਕੂਲ ਆਫ਼ ਐਮੀਨੈਂਸ ਡੇਰਾ ਬੱਸੀ ਅਤੇ ਆਈਟੀਆਈ ਲਾਲੜੂ ਦਾ ਦੌਰਾ

ਚੰਡੀਗੜ੍ਹ,1 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਸਕੂਲ ਸਿੱਖਿਆ ਅਤੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸਕੂਲ ਆਫ਼ ਐਮੀਨੈਂਸ ਡੇਰਾ ਬੱਸੀ ਅਤੇ ਆਈ.ਟੀ.ਆਈ. ਲਾਲੜੂ ਦਾ ਦੌਰਾ ਕੀਤਾ ।

ਇਸ ਦੌਰੇ ਦੌਰਾਨ ਉਨ੍ਹਾਂ ਸਕੂਲ ਆਫ਼ ਐਮੀਨੈਂਸ ਡੇਰਾ ਬੱਸੀ ਵਿਖੇ ਵਿਦਿਆਰਥੀਆਂ, ਅਧਿਆਪਕਾਂ, ਮਿੱਡ ਡੇਅ ਮੀਲ ਵਰਕਰਾਂ ਨਾਲ ਮੁਲਾਕਾਤ ਕੀਤੀ ਅਤੇ ਸਕੂਲ ਸਬੰਧੀ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਵਿਦਿਆਰਥੀਆਂ ਦੇ ਭਵਿੱਖੀ ਟੀਚਿਆਂ ਨੂੰ ਸਰ ਕਰਨ ਲਈ ਸਮਾਂ-ਸਾਰਣੀ ਬਣਾ ਕੇ ਮਿਹਨਤ ਕਰਨ ਦੀ ਸਲਾਹ ਦਿੱਤੀ।

ਕੈਬਨਿਟ ਮੰਤਰੀ ਨੇ ਸਕੂਲ ਦੇ ਅਧਿਆਪਕਾਂ ਨੂੰ ਹੁਕਮ ਦਿੱਤੇ ਕਿ ਉਹ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਬੁਰਾਈਆਂ ਪ੍ਰਤੀ ਵੀ ਜਾਗਰੂਕ ਕਰਨ ਤਾਂ ਜੋ ਸਾਡੇ ਵਿਦਿਆਰਥੀ ਵਧੀਆ ਨਾਗਰਿਕ ਬਣਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕਰਨ। ਇਸ ਮੌਕੇ ਉਨ੍ਹਾਂ ਸਕੂਲ ਵਿੱਚ ਉਸਾਰੀ ਅਧੀਨ ਨਵੇਂ ਕਮਰਿਆਂ,ਖੇਡ ਮੈਦਾਨ, ਪਖ਼ਾਨੇ, ਲਾਇਬਰੇਰੀ ਅਤੇ ਲੈਬੋਰਿਟਰੀ ਦਾ ਵੀ ਜਾਇਜ਼ਾ ਲਿਆ।

# ਮੁੱਖ ਮੰਤਰੀ ਵੱਲੋਂ ਭਾਰਤ ਸਰਕਾਰ ਨੂੰ ਮਿੱਲਰਾਂ ਦੀਆਂ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਨ ਦੀ ਅਪੀਲ

## ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਨੂੰ ਲਿਖਿਆ ਪੱਤਰ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਦੇ ਕੇਂਦਰੀ ਮੰਤਰੀ ਤੋਂ ਮਿੱਲ ਮਾਲਕਾਂ ਦੀਆਂ ਹੱਕੀ ਮੰਗਾਂ ਨੂੰ ਪ੍ਰਵਾਨ ਕਰਨ ਲਈ ਦਖ਼ਲ ਦੇਣ ਦੀ ਮੰਗ ਕੀਤੀ ਹੈ।

ਕੇਂਦਰੀ ਮੰਤਰੀ ਨੂੰ ਲਿਖੇ ਪੱਤਰ ਵਿੱਚ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਤੌਰ 'ਤੇ ਐਫ.ਸੀ.ਆਈ. ਨੂੰ 31 ਮਾਰਚ ਤੱਕ ਮਿੱਲਾਂ ਤੋਂ ਚੌਲ ਮਿਲ ਜਾਂਦੇ ਹਨ ਪਰ ਸਾਉਣੀ ਸੀਜ਼ਨ 2023-24 ਦੌਰਾਨ ਐਫ.ਸੀ.ਆਈ. ਮਿੱਲਾਂ ਤੋਂ ਆਏ ਚੌਲਾਂ ਲਈ ਜਗ੍ਹਾ ਮੁਹੱਈਆ ਨਹੀਂ ਕਰ ਸਕੀ ਅਤੇ ਇਸ ਲਈ ਡਿਲੀਵਰੀ ਦੀ ਮਿਆਦ 30 ਸਤੰਬਰ 2024 ਤੱਕ ਵਧਾਉਣੀ ਪਈ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਹਾਲਾਤ ਵਿੱਚ ਪੰਜਾਬ ਦੇ ਮਿੱਲ ਮਾਲਕ 2024-25 ਦੇ ਸਾਉਣੀ ਸੀਜ਼ਨ ਦੌਰਾਨ ਮੰਡੀਆਂ ਵਿੱਚ ਆਉਣ ਵਾਲੇ ਝੋਨੇ ਦੀ ਚੁਕਾਈ ਅਤੇ ਸਟੋਰ ਕਰਨ ਤੋਂ ਝਿਜਕ ਰਹੇ ਹਨ। ਉਨ੍ਹਾਂ ਕਿਹਾ ਕਿ ਮਿੱਲ ਮਾਲਕਾਂ ਵੱਲੋਂ ਇਸ ਗੱਲ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ ਕਿ ਹਰ ਮਹੀਨੇ ਕਵਰਡ ਸਟੋਰੇਜ ਵਿੱਚੋਂ ਘੱਟੋ-ਘੱਟ 20 ਲੱਖ ਮੀਟਰਕ ਟਨ ਚੌਲ/ਕਣਕ ਨੂੰ ਪੰਜਾਬ ਤੋਂ ਬਾਹਰ ਭੇਜਿਆ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਕਿਉਂਕਿ ਦੇਸ਼ ਭਰ ਵਿੱਚ ਅਨਾਜ ਦੇ ਗੁਦਾਮ ਭਰੇ ਪਏ ਹਨ ਅਤੇ ਇਸ ਲਈ ਭਾਰਤ ਸਰਕਾਰ ਨੂੰ ਕੁਝ ਰਣਨੀਤਕ ਹੱਲ ਕੱਢਣੇ ਪੈਣਗੇ। ਉਨ੍ਹਾਂ ਕਿਹਾ ਕਿ ਇਹ ਜਾਣ ਕੇ ਖ਼ੁਸ਼ੀ ਹੋਈ ਕਿ ਕੇਂਦਰ ਸਰਕਾਰ ਨੇ ਚੌਲਾਂ ਦੀ ਬਰਾਮਦ ਦੀ ਇਜਾਜ਼ਤ ਦੇ ਦਿੱਤੀ ਹੈ ਅਤੇ ਕੇਂਦਰ ਸਰਕਾਰ ਨੂੰ ਖਪਤਕਾਰ ਸੂਬਿਆਂ ਨੂੰ ਵੀ ਤਿੰਨ ਤੋਂ ਛੇ ਮਹੀਨਿਆਂ ਲਈ ਚੌਲਾਂ ਦੀ ਅਗਾਊਂ ਚੁਕਾਈ 'ਤੇ ਵਿਚਾਰ ਕਰਨ ਲਈ ਕਹਿਣਾ ਚਾਹੀਦਾ ਹੈ ਤਾਂ ਜੋ ਐਫ.ਸੀ.ਆਈ. ਨੂੰ ਪੰਜਾਬ ਵਿੱਚੋਂ ਚੌਲ ਲੈ ਜਾਣ ਵਿੱਚ ਮਦਦ ਦਿੱਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸੀਜ਼ਨ ਵਿੱਚ ਕੇਂਦਰੀ ਪੂਲ ਵਿੱਚ 120 ਲੱਖ ਮੀਟਰਕ ਟਨ ਚੌਲ ਜਾਣ ਦੀ ਉਮੀਦ ਹੈ। ਇਸ ਲਈ 31 ਮਾਰਚ, 2025 ਤੱਕ ਸਿਰਫ਼ 90 ਲੱਖ ਮੀਟਰਕ ਟਨ ਚੌਲ ਸਟੋਰ ਕਰਨ ਲਈ ਥਾਂ ਦੇਣੀ ਨਾਕਾਫ਼ੀ ਹੋਵੇਗੀ।

ਮੁੱਖ ਮੰਤਰੀ ਨੇ ਸੁਝਾਅ ਦਿੱਤਾ ਕਿ ਬਾਇਓ-ਈਥਾਨੌਲ ਬਣਾਉਣ ਵਾਲੀਆਂ ਇਕਾਈਆਂ ਨੂੰ ਸਬਸਿਡੀ/ਵਾਜਬ ਕੀਮਤ 'ਤੇ ਚੌਲਾਂ ਦੀ ਵਿਕਰੀ, ਓ.ਐੱਮ.ਐੱਸ.ਐੱਸ. ਅਧੀਨ ਚੁਕਾਈ ਅਤੇ ਕੁੱਝ ਹੋਰ ਉਪਾਅ ਵੀ ਫੌਰੀ ਤੌਰ 'ਤੇ ਕਰਨ ਦੀ ਲੋੜ ਹੈ ਤਾਂ ਜੋ ਸਾਉਣੀ ਸੀਜ਼ਨ 2024-25 ਦੌਰਾਨ ਚੌਲ ਦੀ ਸਮੇਂ ਸਿਰ ਸਪੁਰਦਗੀ ਲਈ ਸੂਬੇ ਵਿੱਚ 120 ਲੱਖ ਮੀਟਰਕ ਟਨ ਚੌਲਾਂ ਦੀ ਡਿਲਵਰੀ ਲਈ ਜਗ੍ਹਾ ਬਣਾਈ ਜਾ ਸਕੇ।

ਉਨ੍ਹਾਂ ਕਿਹਾ ਕਿ ਮਿੱਲਰਾਂ ਨੇ ਇਹ ਵੀ ਦੱਸਿਆ ਸੀ ਕਿ ਪਹਿਲਾਂ ਵੀ ਉਨ੍ਹਾਂ ਨੂੰ ਚੌਲਾਂ ਦੀ ਡਲਿਵਰੀ ਲਈ ਉਸੇ ਮਿਲਿੰਗ ਸੈਂਟਰ ਦੇ ਅੰਦਰ ਜਗ੍ਹਾ ਅਲਾਟ ਕੀਤੀ ਗਈ ਸੀ ਅਤੇ ਅਜਿਹੇ ਕੇਂਦਰ ਆਮ ਤੌਰ 'ਤੇ ਮਿੱਲਾਂ ਦੇ 10-20 ਕਿਲੋਮੀਟਰ ਦੇ ਅੰਦਰ ਹੁੰਦੇ ਹਨ। ਹਾਲਾਂਕਿ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸਾਲ ਜਗ੍ਹਾ ਦੀ ਤੰਗੀ ਕਾਰਨ ਐਫ.ਸੀ.ਆਈ. ਨੇ ਉਨ੍ਹਾਂ ਨੂੰ ਚੌਲਾਂ ਦੀ ਡਿਲਿਵਰੀ ਲਈ ਜਗ੍ਹਾ ਅਲਾਟ ਕੀਤੀ ਸੀ ਜੋ ਕਿ ਕਈ ਮਾਮਲਿਆਂ ਵਿੱਚ 100 ਕਿਲੋਮੀਟਰ ਤੋਂ ਵੱਧ ਸੀ ਜਦਕਿ ਇਸ ਲਈ ਉਨ੍ਹਾਂ ਨੂੰ ਕੋਈ ਟਰਾਂਸਪੋਰਟੇਸ਼ਨ ਚਾਰਜ ਨਹੀਂ ਦਿੱਤਾ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਮਿੱਲਰਾਂ ਨੂੰ ਉਨ੍ਹਾਂ ਦੇ ਮਿਲਿੰਗ ਕੇਂਦਰ ਤੋਂ ਬਾਹਰ ਜਗ੍ਹਾ ਅਲਾਟ ਹੋਣ ਦੀ ਸੂਰਤ ਵਿੱਚ ਢੁਕਵਾਂ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ ਅਤੇ ਵਾਧੂ ਟਰਾਂਸਪੋਰਟ ਖਰਚਿਆਂ ਦੀ ਭਰਪਾਈ ਕਰਨੀ ਚਾਹੀਦੀ ਹੈ। ਇਕ ਹੋਰ ਮੁੱਦੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲਾ ਮਿਲਿੰਗ ਸੀਜ਼ਨ 31 ਮਾਰਚ ਤੋਂ ਅੱਗੇ ਵਧਣ ਕਾਰਨ ਮਿੱਲ ਮਾਲਕਾਂ ਨੂੰ ਗਰਮ ਮੌਸਮ ਕਰਕੇ ਝੋਨੇ ਦੀ ਸੁਕਾਈ/ਵਜ਼ਨ ਘਟਣ/ਦਾਣਾ ਬਦਰੰਗ ਹੋਣ ਕਾਰਨ ਭਾਰੀ ਨੁਕਸਾਨ ਹੋਇਆ ਹੈ ਅਤੇ ਉਨ੍ਹਾਂ ਨੂੰ ਵਾਧੂ ਲੇਬਰ ਅਤੇ ਹੋਰ ਖਰਚੇ ਵੀ ਝੱਲਣੇ ਪਏ ਹਨ। ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਐਫ.ਸੀ.ਆਈ. ਕੋਲ ਜਗ੍ਹਾ ਦੀ ਘਾਟ ਕਾਰਨ 31 ਮਾਰਚ ਤੋਂ ਬਾਅਦ ਮਿਲਿੰਗ ਕਰਨ ਦੀ ਸੂਰਤ ਵਿੱਚ ਮਿੱਲਰਾਂ ਨੂੰ ਮੁਆਵਜ਼ਾ ਦੇਣ ਲਈ ਕਿਹਾ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਮਿੱਲ ਮਾਲਕਾਂ ਨੇ ਹਾਈਬ੍ਰਿਡ ਕਿਸਮਾਂ ਦੇ ਆਊਟ ਟਰਨ ਰੇਸ਼ਿਓ (ਓ.ਟੀ.ਆਰ.) ਬਾਰੇ ਵੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਉਨ੍ਹਾਂ ਨੇ ਅਸਲ ਓ.ਟੀ.ਆਰ. ਦਾ ਪਤਾ ਲਗਾਉਣ ਲਈ ਵਿਗਿਆਨਕ ਤੌਰ ਉਤੇ ਅਧਿਐਨ ਕਰਵਾਉਣ ਦੀ ਅਪੀਲ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਿੱਲ ਮਾਲਕਾਂ ਦੀਆਂ ਲਗਪਗ ਸਾਰੀਆਂ ਮੰਗਾਂ ਜਾਇਜ਼ ਹਨ, ਇਸ ਲਈ ਭਾਰਤ ਸਰਕਾਰ ਨੂੰ ਇਨ੍ਹਾਂ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਕੇ ਇਨ੍ਹਾਂ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਚਾਹੀਦਾ ਹੈ . ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਯਾਦ ਦਿਵਾਇਆ ਕਿ ਪਿਛਲੇ ਤਿੰਨ ਸਾਲਾਂ ਤੋਂ ਸੂਬੇ ਦੇ ਕਿਸਾਨਾਂ ਦਾ ਕੇਂਦਰੀ ਪੂਲ ਲਈ ਖਰੀਦੀ ਕਣਕ ਵਿੱਚ ਲਗਪਗ 45-50% ਯੋਗਦਾਨ ਹੈ। ਇਸੇ ਤਰ੍ਹਾਂ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕਣਕ ਦੇ ਅਨਾਜ ਭੰਡਾਰ ਨੂੰ ਕਾਇਮ ਰੱਖਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

# ਕੀੜੀ ਦੀ ਕਰਾਮਾਤ : ਰਾਜਸਥਾਨੀ ਲੋਕ ਕਥਾ

ਇੱਕ ਸੀ ਚਿੜੀ ਤੇ ਇੱਕ ਸੀ ਕਾਂ। ਇੱਕ ਦਿਨ ਦੋਵੇਂ ਚੋਗਾ ਚੁਗਣ ਵਾਸਤੇ ਇਕੱਠੇ ਉਡੇ। ਉਡਦੇ-ਉਡਦੇ ਸਮੁੰਦਰ ਕਿਨਾਰੇ ਅੱਪੜੇ। ਉਥੇ ਚਿੜੀ ਨੂੰ ਲੱਭ ਗਿਆ ਮੋਤੀ ਅਤੇ ਕਾਂ ਨੂੰ ਲੱਭ ਗਿਆ ਲਾਲ। ਚਿੜੀ ਕਹਿੰਦੀ, ਮੇਰਾ ਮੋਤੀ ਵੱਧ ਕੀਮਤੀ ਹੈ; ਕਾਂ ਕਹਿੰਦਾ, ਮੇਰਾ ਲਾਲ ਵੱਧ ਮਹਿੰਗਾ ਹੈ। ਦੋਵੇਂ ਜਣੇ ਜੌਹਰੀ ਕੋਲ ਪਰਖ ਕਰਵਾਉਣ ਵਾਸਤੇ ਗਏ। ਜੌਹਰੀ ਨੇ ਪਹਿਲਾਂ ਲਾਲ ਪਰਖਿਆ, ਫਿਰ ਮੋਤੀ। ਲਾਲ ਦੀ ਕੀਮਤ ਦੱਸੀ ਲੱਖ ਰੁਪਿਆ ਅਤੇ ਮੋਤੀ ਦੀ ਸਵਾ ਲੱਖ। ਕਾਂ ਦੇ ਮਨ ਵਿਚ ਬੇਈਮਾਨੀ ਆ ਗਈ; ਬੋਲਿਆ-ਚਿੜੀ ਭੈਣ ਆਪਣਾ ਮੋਤੀ ਤਾਂ ਦਿਖਾ ਜ਼ਰਾ! ਚਿੜੀ ਸੀ ਵਿਚਾਰੀ ਆਲੀ ਭੋਲੀ, ਮਾਸੂਮ। ਮੋਤੀ ਝੱਟ ਕਾਂ ਸਾਹਮਣੇ ਰੱਖ ਦਿੱਤਾ। ਕਾਂ ਨੇ ਕੜੱਕ ਚੁੰਜ ਵਿਚ ਮੋਤੀ ਫੜਿਆ ਤੇ ਉਡ ਗਿਆ। ਉਡਦਾ-ਉਡਦਾ ਪਿੱਪਲ ਦੇ ਦਰਖਤ ਉਪਰ ਜਾ ਬੈਠਿਆ। ਚਿੜੀ ਵੀ ਪਿੱਛੇ-ਪਿੱਛੇ ਉਡ ਕੇ ਆ ਗਈ। ਆ ਕੇ ਕਿਹਾ-ਕਾਂ ਭਾਈ, ਮੇਰਾ ਮੋਤੀ ਮੈਨੂੰ ਦੇ ਦੇ। ਕਾਂ ਕਹਿੰਦਾ-ਦਫਾ ਹੋ ਇਥੋਂ। ਮੈਂ ਤੇਰਾ ਮੋਤੀ ਕਦ ਲਿਐ? ਚਿੜੀ ਨੇ ਕਾਂ ਦੀਆਂ ਬੜੀਆਂ ਮਿੰਨਤਾਂ ਕੀਤੀਆਂ, ਹੱਥ ਬੰਨ੍ਹੇ ਪਰ ਕਾਂ ਨੇ ਕਿੱਥੇ ਮੰਨਣਾ ਸੀ? ਨਾ ਮੋਤੀ ਦੇਣਾ ਸੀ, ਨਾ ਦਿੱਤਾ।

ਦੁਖੀ ਹੋ ਕੇ ਚਿੜੀ ਨੇ ਪਿੱਪਲ ਨੂੰ ਕਿਹਾ-ਪਿੱਪਲ ਓ ਪਿੱਪਲ, ਇਹੋ ਜਿਹੇ ਮਾੜੇ ਕਾਂ ਨੂੰ ਤੂੰ ਆਪਣੇ ਉਪਰ ਕਿਉਂ ਬੈਠਣ ਦਿੰਨੈਂ? ਉਡਾ ਦੇ ਇਸ ਨੂੰ।

ਪਿੱਪਲ ਨੇ ਪੱਤਿਆਂ ਦੀ ਖੜ-ਖੜ ਵਿਚ ਜਵਾਬ ਦਿੱਤਾ-ਮੈਂ ਕਿਉਂ ਉਡਾਵਾਂ ਕਾਂ ਨੂੰ ਭਲਾ? ਮੇਰਾ ਕੀ ਵਿਗਾੜਿਆ ਹੈ ਇਸ ਨੇ? ਦੁਖੀ ਹੋ ਕੇ ਉਡਦੀ-ਉਡਦੀ ਚਿੜੀ ਤਰਖਾਣ ਕੋਲ ਗਈ। ਜਾ ਕੇ ਕਹਿੰਦੀ-ਮਿਸਤਰੀ ਜੀ, ਪਿੱਪਲ ਮੇਰੀ ਗੱਲ ਨੀ ਮੰਨਦਾ, ਪਿੱਪਲ ਵੱਢ ਦੇ।

ਤਰਖਾਣ ਕਹਿੰਦਾ-ਪਿੱਪਲ ਨੇ ਮੇਰਾ ਕੀ ਵਿਗਾੜਿਆ ਹੈ ਜੋ ਮੈਂ ਪਿੱਪਲ ਵੱਢਾਂ? ਮੈਂ ਕੋਈ ਵਿਹਲਾ ਬੈਠਾਂ?

ਚਿੜੀ ਰਾਜੇ ਦੇ ਮਹਿਲ ਪੁੱਜੀ ਤੇ ਰਾਜੇ ਨੂੰ ਕਿਹਾ-ਮਿਸਤਰੀ ਮੇਰਾ ਕੰਮ ਨਹੀਂ ਕਰਦਾ ਮਹਾਰਾਜ! ਉਸ ਨੂੰ ਸਜ਼ਾ ਦਿਓ। ਰਾਜੇ ਨੇ ਕਿਹਾ-ਕੋਈ ਸ਼ਿਕਾਇਤ ਨਹੀਂ ਆਈ ਮੇਰੇ ਕੋਲ ਮਿਸਤਰੀ ਦੀ, ਕੇਵਲ ਤੇਰੀ ਗੱਲ ਸੁਣ ਕੇ ਸਜ਼ਾ ਦੇ ਦਿਆਂ, ਇਹ ਕੀ ਇਨਸਾਫ ਹੋਇਆ? ਦਫਾ ਹੋ, ਸਮਾਂ ਜ਼ਾਇਆ ਨਾ ਕਰ।

ਉਡਦੀ-ਉਡਦੀ ਚਿੜੀ ਰਾਣੀ ਦੇ ਮਹਿਲ ਵਿਚ ਗਈ। ਰਾਣੀ ਨੂੰ ਕਿਹਾ-ਮਹਾਰਾਣੀ ਜੀ! ਰਾਜਾ ਮੇਰਾ ਆਖਾ ਨਹੀਂ ਮੰਨਦਾ। ਤੁਸੀਂ ਰਾਜੇ ਨਾਲ ਰੁੱਸ ਜਾਉ।

ਰਾਣੀ ਨੇ ਕਿਹਾ-ਕਿਉਂ ਰੁੱਸਾਂ? ਰਾਜੇ ਨੇ ਮੇਰਾ ਕੀ ਵਿਗਾੜਿਆ ਹੈ?

ਉਡਦੀ-ਉਡਦੀ ਚਿੜੀ ਚੂਹਿਆਂ ਕੋਲ ਗਈ। ਚੂਹਿਆਂ ਨੂੰ ਕਿਹਾ-ਚੂਹੇ ਭਾਈਓ! ਮੇਰਾ ਕਹਿਣਾ ਮੰਨ ਕੇ ਰਾਣੀ ਦੀਆਂ ਪੁਸ਼ਾਕਾਂ ਕੁਤਰ ਦਿਉ!

ਚੂਹਿਆਂ ਨੇ ਕਿਹਾ-ਰਾਣੀ ਨੇ ਸਾਡਾ ਕੀ ਨੁਕਸਾਨ ਕੀਤਾ ਕਿ ਅਸੀਂ ਉਸ ਦੇ ਲਿਬਾਸ ਕੁਤਰੀਏ?

ਚਿੜੀ ਉਡਦੀ-ਉਡਦੀ ਬਿੱਲੀ ਕੋਲ ਗਈ! ਬਿੱਲੀ ਨੂੰ ਕਿਹਾ-ਬਿੱਲੀ ਮਾਸੀ! ਥੋੜ੍ਹੀ ਖੇਚਲ ਕਰ ਤੇ ਚੂਹਿਆਂ ਨੂੰ ਖਾ ਜਾ!

ਬਿੱਲੀ ਨੇ ਕਿਹਾ-ਮੇਰਾ ਕੀ ਨੁਕਸਾਨ ਕੀਤਾ ਚੂਹਿਆਂ ਨੇ ਜੋ ਮੈਂ ਖਾਵਾਂ? ਚਲੀ ਜਾਹ।

ਉਡਦੀ-ਉਡਦੀ ਚਿੜੀ ਕੁੱਤਿਆਂ ਕੋਲ ਗਈ। ਕਿਹਾ-ਕੁੱਤਿਓ ਭਾਈਓ! ਬਿੱਲੀ ਨੂੰ ਵੱਢੋ।

ਕੁੱਤੇ ਕਹਿੰਦੇ-ਅਸੀਂ ਬਿੱਲੀ ਨੂੰ ਕਿਉਂ ਵੱਢੀਏ? ਸਾਡੀ ਕਾਹਦੀ ਦੁਸ਼ਮਣੀ?

ਚਿੜੀ ਉਡਦੀ-ਉਡਦੀ ਸੋਟੀਆਂ ਕੋਲ ਗਈ। ਕਹਿੰਦੀ-ਸੋਟੀਓ! ਤੁਸੀਂ ਕੁੱਤਿਆਂ ਨੂੰ ਕੁੱਟੋ।

ਸੋਟੀਆਂ ਕਹਿੰਦੀਆਂ-ਅਸੀਂ ਕੁੱਤਿਆਂ ਨੂੰ ਕਿਉਂ ਕੁੱਟੀਏ? ਸਾਡੀ ਉਨ੍ਹਾਂ ਨਾਲ ਕੀ ਦੁਸ਼ਮਣੀ?

ਫਿਰ ਚਿੜੀ ਅੱਗ ਕੋਲ ਗਈ, ਬੇਨਤੀ ਕੀਤੀ-ਅਗਨੀ ਦੇਵ! ਸੋਟੀਆਂ ਮੇਰਾ ਕਿਹਾ ਨਹੀਂ ਮੰਨਦੀਆਂ, ਤੂੰ ਸੋਟੀਆਂ ਨੂੰ ਜਲਾ ਦੇ!

ਅੱਗ ਨੇ ਕਿਹਾ-ਕਿਉਂ, ਸੋਟੀਆਂ ਨਾਲ ਮੇਰਾ ਕੀ ਵੈਰ? ਮੈਂ ਕਿਉਂ ਜਲਾਵਾਂ?

ਚਿੜੀ ਉਡਦੀ-ਉਡਦੀ ਫਿਰ ਤਲਾਬ ਕੋਲ ਗਈ। ਕਿਹਾ-ਤਲਾਬ ਵੀਰ! ਮੇਰਾ ਆਖਾ ਮੰਨ ਕੇ ਅੱਗ ਬੁਝਾ ਦੇ ਇੱਕ ਵਾਰ?

ਤਲਾਬ ਨੇ ਕਿਹਾ-ਅੱਗ ਨਾਲ ਮੇਰਾ ਕੀ ਵੈਰ, ਤੇ ਤੇਰੇ ਨਾਲ ਮੇਰਾ ਕੀ ਲਾਗਾ-ਦੇਗਾ? ਮੈਂ ਕਿਉਂ ਅੱਗ ਬੁਝਾਵਾਂ?

ਚਿੜੀ ਫਿਰ ਉਡਦੀ-ਉਡਦੀ ਹਾਥੀਆਂ ਕੋਲ ਗਈ। ਕਿਹਾ-ਹਾਥੀਓ! ਤਲਾਬ ਵਿਚ ਵੜ ਕੇ ਤਲਾਬ ਦਾ ਪਾਣੀ ਗੰਧਲਾ ਕਰ ਦਿਉ।

ਹਾਥੀਆਂ ਨੇ ਕਿਹਾ-ਕਿਉਂ, ਅਸੀਂ ਕਿਉਂ ਗੰਧਲਾਈਏ ਤਲਾਬ ਦਾ ਪਾਣੀ?

ਉਡਦੀ-ਉਡਦੀ ਚਿੜੀ ਥੱਕ ਗਈ। ਆਖਰ ਕੀੜੀ ਕੋਲ ਗਈ। ਕੀੜੀ ਨੂੰ ਆਪਣੀ ਸਾਰੀ ਦਰਦ ਭਰੀ ਕਹਾਣੀ ਸੁਣਾਈ ਤੇ ਕਿਹਾ-ਜੇ ਤੂੰ ਹਾਥੀ ਦੇ ਕੰਨ ਵਿਚ ਵੜ ਕੇ ਦੰਦੀ ਵੱਢੇਂ ਤਾਂ ਹਾਥੀ ਮੇਰੀ ਗੱਲ ਮੰਨੇਗਾ, ਨਹੀਂ ਤਾਂ ਮੇਰੀ ਕਿਤੇ ਸੁਣਵਾਈ ਨਹੀਂ।

ਕੀੜੀ ਮੰਨ ਗਈ, ਕਹਿੰਦੀ-ਹੋਰ ਤੇਰੇ ਕਦ ਕੰਮ ਆਊਂਗੀ? ਦੁਖੀ ਦੀ ਬਾਂਹ ਫੜਨੀ ਤਾਂ ਮੇਰਾ ਧਰਮ ਹੈ। ਫਿਰ ਕਦ ਮੌਕਾ ਮਿਲੇਗਾ?

ਚਿੜੀ ਕਹਿੰਦੀ-ਫਿਰ ਦੇਰ ਕਿਸ ਗੱਲ ਦੀ? ਜਲਦੀ ਕਰ।

ਕੀੜੀ ਨੇ ਤਿਆਰ ਹੋਣ ਵਾਸਤੇ ਪਾਣੀ ਵਿਚ ਡੁਬਕੀ ਲਾ ਕੇ ਇਸ਼ਨਾਨ ਕੀਤਾ। ਕੇਸ ਧੋਤੇ। ਗੁੱਤ ਕੀਤੀ। ਮੱਥੇ ਉਪਰ ਬਿੰਦੀ ਲਾਈ। ਸੁਰਮਾ ਪਾਇਆ ਤੇ ਸੋਲਾਂ ਸ਼ਿੰਗਾਰ ਕਰ ਕੇ ਛਮਛਮ ਕਰਦੀ ਹਾਥੀ ਦੇ ਕੰਨ ਵਿਚ ਵੜ ਕੇ ਦੰਦੀ ਵੱਢਣ ਵਾਸਤੇ ਤੁਰ ਪਈ।

ਕੀੜੀ ਨੂੰ ਆਪਣੇ ਵੱਲ ਆਉਂਦੀ ਦੇਖ ਕੇ ਹਾਥੀ ਥਰਥਰ ਕੰਬਣ ਲੱਗਾ।

ਮਿੰਨਤਾਂ ਕਰਨ ਲੱਗਾ, ਨਾ ਕੀੜੀ ਭੈਣ! ਮੇਰੇ ਕੰਨ ਵੱਲ ਨਾ ਆ। ਦੱਸ ਮੈਂ ਤੇਰੀ ਕੀ ਸੇਵਾ ਕਰ ਸਕਦਾਂ?

ਕੀੜੀ ਨੇ ਕਿਹਾ-ਜਦੋਂ ਤੈਨੂੰ ਚਿੜੀ ਨੇ ਪਾਣੀ ਗੰਧਲਾਣ ਲਈ ਕਿਹਾ ਸੀ, ਜਵਾਬ ਕਿਉਂ ਦਿੱਤਾ?

ਹਾਥੀ ਨੇ ਹੱਥ ਬੰਨ੍ਹ ਲਏ। ਕਿਹਾ-ਗਲਤੀ ਹੋ ਗਈ। ਹੁਣੇ ਜਾਨਾ, ਪਾਣੀ ਗੰਧਲਾ ਕਰ ਦਿੰਨਾ।

ਹਾਥੀ ਸਰੋਵਰ ਕਿਨਾਰੇ ਗਿਆ, ਸਰੋਵਰ ਲੱਗਾ ਮਿੰਨਤਾਂ ਕਰਨ। ਹਾਥੀ ਭਾਈ! ਮੈਨੂੰ ਗੰਧਲਾ ਨਾ ਕਰ। ਮੈਂ ਹੁਣੇ ਅੱਗ ਬੁਝਾ ਦਿੰਨਾ।

ਅੱਗ ਬੋਲੀ-ਲਿਆਉ ਲਾਠੀਆਂ, ਹੁਣੇ ਜਲਾ ਦਿੰਨੀ ਆਂ, ਮੈਨੂੰ ਕਾਹਨੂੰ ਬੁਝਾਉਂਦੇ ਹੋ? ਮੈਂ ਕਹਿਣਾ ਮੰਨ ਤਾਂ ਰਹੀ ਆਂ।

ਲਾਠੀਆਂ ਕਹਿਣ ਲੱਗੀਆਂ-ਦਿਖਾਓ ਕੁੱਤੇ ਕਿੱਥੇ ਨੇ, ਹੁਣੇ ਝੰਬ ਦਿੰਦੀਆਂ ਹਾਂ।

ਕੁੱਤੇ ਭੌਂਕਣ ਲੱਗੇ-ਬਿੱਲੀਆਂ ਸਾਡੀਆਂ ਕੋਈ ਮਾਸੀਆਂ ਲਗਦੀਆਂ ਨੇ? ਲਿਆਉ ਹੁਣੇ ਵੱਢਣ ਨੂੰ ਤਿਆਰ ਹਾਂ।

ਬਿੱਲੀਆਂ ਚੂਹੇ ਖਾਣ ਲਈ ਤਿਆਰ ਹੋ ਗਈਆਂ।

ਚੂਹਿਆਂ ਨੇ ਰਾਣੀ ਦੇ ਲਿਬਾਸ ਕੱਟਣ ਲਈ ਹਾਂ ਕਰ ਦਿੱਤੀ।

ਰਾਣੀ ਬੋਲੀ-ਕੱਪੜੇ ਕੁਤਰਵਾ ਕੇ ਰੁੱਸਣਾ ਕੋਈ ਰੁੱਸਣਾ ਹੋਇਆ? ਇੱਕ ਵਾਰ ਕਿਉਂ, ਹਜ਼ਾਰ ਵਾਰ ਰੁੱਸ ਜਾਨੀ ਆਂ।

ਰਾਜੇ ਨੇ ਕਿਹਾ-ਇਸ ਮਿਸਤਰੀ ਦੀਆਂ ਸ਼ਿਕਾਇਤਾਂ ਪਹਿਲਾਂ ਵੀ ਆਈਆਂ ਹੋਈਆਂ ਹਨ, ਹੁਣ ਤਾਂ ਸਜ਼ਾ ਦੇਣੀ ਹੀ ਦੇਣੀ ਹੈ।

ਮਿਸਤਰੀ ਨੇ ਕਿਹਾ-ਮੈਨੂੰ ਤਾਂ ਆਪ ਲੱਕੜ ਦੀ ਲੋੜ ਹੈ, ਦਿਖਾਉ ਕਿਹੜਾ ਹੰਕਾਰਿਆ ਹੋਇਆ ਪਿੱਪਲ ਹੈ ਤੇ ਕਿੱਥੇ ਹੈ।

ਪਿੱਪਲ ਨੇ ਕਿਹਾ-ਕਾਣਾ ਕਾਂ ਮੇਰਾ ਕੀ ਲਗਦੈ, ਕਦੀ ਨੀ ਬੈਠਣ ਦਿੰਦਾ ਅੱਗੇ ਤੋਂ।

ਕਾਂ ਫਿਰ ਕਾਂ-ਕਾਂ ਕਰ ਕੇ ਲੱਗਾ ਰੌਲਾ ਪਾਉਣ। ਮੈਂ ਆਲ੍ਹਣਾ ਪਾ ਕੇ ਕਿੱਥੇ ਆਰਾਮ ਕਰਿਆ ਕਰਾਂਗਾ? ਬੁਲਾਓ ਚਿੜੀ ਨੂੰ, ਉਸ ਦਾ ਮੋਤੀ ਮੇਰੇ ਕੋਲ ਹੈ, ਹੁਣੇ ਦੇ ਦਿੰਨਾ।

ਚਿੜੀ ਆ ਗਈ। ਗੁੱਸੇ ਨਾਲ ਕਾਂ ਨੂੰ ਕਿਹਾ-ਦੇ ਦੇ ਮੇਰਾ ਮੋਤੀ।

ਹੱਥ ਬੰਨ੍ਹ ਕੇ ਕਾਂ ਨੇ ਮੋਤੀ ਦੇ ਦਿੱਤਾ। ਸਵਾ ਲੱਖ ਦਾ ਮੋਤੀ ਲੈ ਕੇ ਚਿੜੀ ਆਲ੍ਹਣੇ ਵਿਚ ਆਪਣੇ ਬੱਚਿਆਂ ਕੋਲ ਗਈ। ਬੱਚੇ ਮੋਤੀ ਦੇਖ ਕੇ ਬੜੇ ਖੁਸ਼ ਹੋਏ। ਚਿੜੀ ਨੇ ਸਵਾ ਲੱਖ ਰੁਪਏ ਲੈ ਕੇ ਮੋਤੀ ਰਾਣੀ ਨੂੰ ਵੇਚ ਦਿੱਤਾ। ਇਨ੍ਹਾਂ ਪੈਸਿਆਂ ਨਾਲ ਪਿੱਪਲ ਉਪਰ ਸੋਨੇ ਦਾ ਮਹਿਲ ਬਣਵਾ ਕੇ ਚਿੜੀ ਖੁਸ਼ੀ-ਖੁਸ਼ੀ ਆਪਣੇ ਪਰਿਵਾਰ ਵਿਚ ਰਹਿਣ ਲੱਗੀ।

ਇਸ ਰੌਲੇ-ਗੌਲੇ ਵਿਚ ਕਾਂ ਦਾ ਲਾਲ ਪਤਾ ਨਹੀਂ ਕਿਧਰ ਗੁੰਮ ਹੋ ਗਿਆ। ਉਸ ਨੇ ਧਿਆਨ ਤਾਂ ਮੋਤੀ ਵੱਲ ਕੀਤਾ ਹੋਇਆ ਸੀ। ਰੋਂਦਾ-ਰੋਂਦਾ ਥਾਂ-ਥਾਂ ਪੁਛਦਾ ਫਿਰੇ-ਕਿਸੇ ਨੇ ਮੇਰਾ ਲਾਲ ਦੇਖਿਆ ਹੋਵੇ, ਕਿਸੇ ਨੇ ਕਿਤੇ ਲਾਲ ਦੇਖਿਆ ਹੋਵੇ। ਕਿਸੇ ਨੇ ਗੱਲ ਨਹੀਂ ਸੁਣੀ। ਰੋਂਦਾ-ਰੋਂਦਾ ਕਾਣਾ ਕਾਂ ਮਰ ਗਿਆ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH






1500-2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸਾਂਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE




2000-2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION

900-999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਂਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE




1500-2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022